Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 74 Chief Editor : Chowdhary Prabhjit Singh, Editor : Chhatarpal Singh 98146-32807, Thursday 3 September 2026 Price : 2 Rs. Page : 6

## ਸਰਹਿੰਦ ਨਹਿਰ 'ਚ 20 ਫੁੱਟ ਪਾੜ ਪੈਣ ਕਾਰਨ ਧਸੀ ਸੜਕ; 2 ਬਾਈਕ ਸਵਾਰ ਨਹਿਰ 'ਚ ਡਿੱਗੇ

### ਪਾਣੀ ਦੇ ਤੇਜ਼ ਵਹਾਅ ਅਤੇ ਟੁੱਟੀ ਸੜਕ ਦੀ ਲਪੇਟ ਵਿੱਚ ਆਏ ਜਿੰਮ ਤੇ ਡਿਊਟੀ ਜਾ ਰਹੇ ਤਿੰਨ ਮੋਟਰਸਾਈਕਲ ਸਵਾਰ

**ਚਮਕੌਰ ਸਾਹਿਬ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚਮਕੌਰ ਸਾਹਿਬ ਦੇ ਨੇੜਲੇ ਪਿੰਡ ਭੈਰੋਮਾਜਰਾ ਅਤੇ ਜਟਾਣਾ ਕੋਲ ਸਰਹਿੰਦ ਨਹਿਰ ਵਿੱਚ ਇੱਕ ਵੱਡਾ ਪਾੜ ਪੈ ਗਿਆ, ਜਿਸ ਨਾਲ ਪੂਰੇ ਇਲਾਕੇ ਵਿੱਚ ਸਹਿਮ ਦਾ ਮਾਹੌਲ ਬਣ ਗਿਆ। ਨਹਿਰ ਦਾ ਪਾਣੀ ਓਵਰਫਲੋਅ ਹੋ ਕੇ ਪਿੰਡਾਂ ਦੀਆਂ ਜ਼ਮੀਨਾਂ, ਫਸਲਾਂ ਅਤੇ ਮੁੱਖ ਸੜਕ ਵੱਲ ਵਗਣ ਲੱਗ ਪਿਆ। ਇਸ ਕਾਰਨ ਚਮਕੌਰ ਸਾਹਿਬ ਤੋਂ ਰੂਪਨਗਰ ਜਾਣ ਵਾਲੀ ਮੁੱਖ ਸੜਕ ਪਿੰਡ ਭੈਰੋਮਾਜਰਾ ਕੋਲੋਂ 15 ਤੋਂ 20 ਫੁੱਟ ਤੱਕ ਧਸ ਕੇ ਟੁੱਟ ਗਈ, ਜਿਸ ਨਾਲ ਡੇਢ ਦਰਜਨ ਪਿੰਡਾਂ ਨੂੰ ਖਤਰਾ ਪੈਦਾ ਹੋ ਗਿਆ ਹੈ।



ਸਵੇਰੇ ਡਿਊਟੀ ਅਤੇ ਜਿੰਮ ਜਾਣ ਲਈ ਨਿਕਲੇ ਤਿੰਨ ਮੋਟਰਸਾਈਕਲ ਸਵਾਰ (ਜਿਨ੍ਹਾਂ ਵਿੱਚ ਇੱਕ ਮਹਿਲਾ ਵੀ ਸ਼ਾਮਲ ਸੀ) ਅਚਾਨਕ ਟੁੱਟੀ ਹੋਈ ਸੜਕ ਅਤੇ ਪਾਣੀ ਦੇ ਤੇਜ਼ ਵਹਾਅ ਦੀ ਲਪੇਟ ਵਿੱਚ ਆ ਗਏ। ਇਸ ਹਾਦਸੇ ਵਿੱਚ 21 ਸਾਲਾ ਨੌਜਵਾਨ ਹਰਪ੍ਰੀਤ ਸਿੰਘ ਦੀ ਲੱਤ ਟੁੱਟ ਗਈ ਅਤੇ ਉਸ ਦੀ ਮਾਂ ਕਰਮਜੀਤ ਕੌਰ (45 ਸਾਲ) ਦੇ ਗੋਡੇ 'ਤੇ ਗੰਭੀਰ ਸੱਟ ਲੱਗੀ। ਉਨ੍ਹਾਂ ਨੂੰ ਚਮਕੌਰ ਸਾਹਿਬ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਇਸ ਦੇ ਨਾਲ ਹੀ, ਦੋ ਹੋਰ ਗੰਭੀਰ ਜ਼ਖਮੀ ਨੌਜਵਾਨਾਂ ਜਸਕਰਨ ਸਿੰਘ (23 ਸਾਲ) ਅਤੇ ਜਸ਼ਨਪ੍ਰੀਤ ਸਿੰਘ (25 ਸਾਲ) ਨੂੰ ਡਾਕਟਰਾਂ ਵੱਲੋਂ ਪੀ.ਜੀ.ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਹਾਦਸੇ ਦੌਰਾਨ ਦੋ ਤੋਂ ਤਿੰਨ ਮੋਟਰਸਾਈਕਲ ਅਤੇ ਇੱਕ ਮੋਬਾਈਲ ਫੋਨ ਵੀ ਪਾਣੀ ਵਿੱਚ ਡੁੱਬ ਕੇ ਨੁਕਸਾਨਿਆ ਗਿਆ।

ਪਿੰਡ ਭੈਰੋਮਾਜਰਾ ਦੇ ਸਰਪੰਚ ਰਜਿੰਦਰ ਸਿੰਘ ਅਤੇ ਪਿੰਡ ਜਟਾਣਾ ਦੇ ਸਰਪੰਚ ਹਰਿੰਦਰ ਸਿੰਘ ਕਾਕਾ ਸਮੇਤ ਇਲਾਕਾ ਵਾਸੀਆਂ ਨੇ ਦੱਸਿਆ ਕਿ ਨਹਿਰ ਦੇ ਕੰਢੇ ਚੂਹਿਆਂ ਦੀਆਂ ਖੁੱਡਾਂ ਹੋਣ ਕਾਰਨ ਪਿਛਲੇ ਕਈ ਦਿਨਾਂ ਤੋਂ ਪਾਣੀ ਸੜਕ ਦੇ ਹੇਠਾਂ ਰਿਸ ਰਿਹਾ ਸੀ। ਇਸ ਬਾਰੇ ਐੱਸ.ਡੀ.ਐੱਮ. ਅਤੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਪਹਿਲਾਂ ਹੀ ਲਿਖਤੀ ਅਤੇ ਜ਼ਬਾਨੀ ਤੌਰ 'ਤੇ ਖ਼ਤਰੇ ਤੋਂ ਜਾਣੂ ਕਰਵਾ ਦਿੱਤਾ ਗਿਆ ਸੀ। ਲੋਕਾਂ ਦਾ ਦੋਸ਼ ਹੈ ਕਿ ਅਧਿਕਾਰੀਆਂ ਨੇ ਇਸ ਸਮੱਸਿਆ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਸਿਰਫ਼ ਇੱਕ ਜੇ.ਸੀ.ਬੀ. ਮਸ਼ੀਨ ਭੇਜ ਕੇ ਖਾਨਾਪੂਰਤੀ ਕਰ ਦਿੱਤੀ। ਵਿਭਾਗ ਦੀ ਇਸੇ ਲਾਪਰਵਾਹੀ ਕਾਰਨ ਇਹ ਵੱਡਾ ਹਾਦਸਾ ਵਾਪਰਿਆ ਹੈ।

ਘਟਨਾ ਦੀ ਖ਼ਬਰ ਮਿਲਦਿਆਂ ਹੀ ਪ੍ਰਸ਼ਾਸਨ ਦੀ ਉਡੀਕ ਕੀਤੇ ਬਿਨਾਂ ਪਿੰਡ ਦੇ ਲੋਕਾਂ ਨੇ ਰੇਤੇ ਦੇ ਥੈਲੇ ਭਰ ਕੇ ਨਹਿਰ ਦਾ ਪਾੜ ਬੰਨ੍ਹਣਾ ਸ਼ੁਰੂ ਕਰ ਦਿੱਤਾ। ਪ੍ਰਸ਼ਾਸਨਿਕ ਅਧਿਕਾਰੀਆਂ ਦੇ ਦੇਰੀ ਨਾਲ ਪਹੁੰਚਣ ਕਾਰਨ ਭੜਕੇ ਲੋਕਾਂ ਨੇ ਨਹਿਰ ਦੇ ਪੁਲ 'ਤੇ ਧਰਨਾ ਲਗਾ ਕੇ ਆਵਾਜਾਈ ਮੁਕੰਮਲ ਤੌਰ 'ਤੇ ਠੱਪ ਕਰ ਦਿੱਤੀ।

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਧਰਨੇ ਵਿੱਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਅਤੇ ਵਿਭਾਗ ਦੀ ਕਾਰਜਸ਼ੈਲੀ 'ਤੇ ਸਵਾਲ ਚੁੱਕੇ ਅਤੇ ਪੀੜਤਾਂ ਲਈ ਮੁਆਵਜ਼ੇ ਦੀ ਮੰਗ ਕੀਤੀ। ਇਸ ਦੇ ਨਾਲ ਹੀ, ਹਲਕਾ ਇੰਚਾਰਜ ਜਸਬੀਰ ਸਿੰਘ ਗੜ੍ਹੀ ਮੌਕੇ 'ਤੇ ਪਹੁੰਚੇ ਅਤੇ ਹਸਪਤਾਲ ਜਾ ਕੇ ਜ਼ਖਮੀਆਂ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਾਲ ਲੈ ਕੇ ਰਾਹਤ ਕਾਰਜ ਤੇਜ਼ ਕਰਵਾਏ ਅਤੇ ਖ਼ੁਦ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਾੜ ਵਾਲੀ ਜਗ੍ਹਾ 'ਤੇ ਪਹੁੰਚ ਕੇ ਲੋਕਾਂ ਨਾਲ ਮਿੱਟੀ ਦੇ ਥੈਲੇ ਲਗਾਉਣ ਵਿੱਚ ਹੱਥ ਵਟਾਇਆ। ਉਨ੍ਹਾਂ ਭਰੋਸਾ ਦਿਵਾਇਆ ਕਿ ਲਾਪਰਵਾਹੀ ਵਰਤਣ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜ਼ਖ਼ਮੀ ਨੌਜਵਾਨਾਂ ਦਾ ਸਾਰਾ ਇਲਾਜ 'ਰੈੱਡ ਕਰਾਸ ਫੰਡ' ਵਿੱਚੋਂ ਸਰਕਾਰੀ ਖ਼ਰਚੇ 'ਤੇ ਕਰਵਾਇਆ ਜਾਵੇਗਾ ਅਤੇ ਪੀੜਤਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇਗਾ।

ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ, ਐੱਸ.ਡੀ.ਐੱਮ. ਪ੍ਰਦੀਪ ਸਿੰਘ ਬੈਂਸ, ਡੀ.ਐੱਸ.ਪੀ. ਮਨਜੀਤ ਸਿੰਘ ਔਲਖ, ਤਹਿਸੀਲਦਾਰ ਕੁਲਵਿੰਦਰ ਸਿੰਘ ਅਤੇ ਥਾਣਾ ਮੁਖੀ ਸ਼ਵਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਈ.ਡੀ. ਵੱਲੋਂ ਭੇਜੇ ਜਾ ਰਹੇ ਪੱਤਰ ਭਾਜਪਾ ਵੱਲੋਂ ਚਲਾਈ ਜਾ ਰਹੀ 'ਸਿਆਸੀ ਬਦਨਾਮੀ ਮੁਹਿੰਮ' ਦਾ ਹਿੱਸਾ : ਅਮਨ ਅਰੋੜਾ

**ਚੰਡੀਗੜ੍ਹ 2 ਸਤੰਬਰ**
**-ਛਤਰਪਾਲ ਸਿੰਘ-**

'ਕੈਸ਼ ਫਾਰ ਟਰਾਂਸਫਰ ਅਤੇ ਜ਼ਮੀਨੀ ਧੋਖਾਧੜੀ' ਦੇ ਕਥਿਤ ਮਾਮਲੇ ਵਿੱਚ ਪੰਜਾਬ ਪੁਲੀਸ ਨੂੰ ਐੱਫ.ਆਈ.ਆਰ. ਦਰਜ ਕਰਨ ਲਈ ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਲਗਾਤਾਰ ਲਿਖੇ ਜਾ ਰਹੇ ਪੱਤਰਾਂ 'ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸਖ਼ਤ ਰੁੱਖ ਅਪਣਾਇਆ ਹੈ। ਅਰੋੜਾ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਕੇਂਦਰੀ ਜਾਂਚ ਏਜੰਸੀ ਪੰਜਾਬ ਪੁਲੀਸ ਨਾਲ ਪੁਖਤਾ ਅਤੇ ਠੋਸ ਸਬੂਤ ਸਾਂਝੇ ਨਹੀਂ ਕਰਦੀ, ਉਦੋਂ ਤੱਕ ਕੋਈ ਐੱਫ.ਆਈ.ਆਰ. ਦਰਜ ਨਹੀਂ ਕੀਤੀ ਜਾ ਸਕਦੀ। ਈ.ਡੀ. ਵੱਲੋਂ 31 ਅਗਸਤ ਨੂੰ ਭੇਜੇ ਗਏ ਤੀਜੇ ਪੱਤਰ ਦੇ ਜਵਾਬ ਵਿੱਚ ਅਮਨ ਅਰੋੜਾ ਨੇ ਕਿਹਾ ਕਿ ਇਹ ਪੂਰਾ ਮਾਮਲਾ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਚਲਾਈ ਜਾ ਰਹੀ ਸਿਆਸੀ ਬਦਨਾਮੀ ਮੁਹਿੰਮ ਤੋਂ ਇਲਾਵਾ ਹੋਰ ਕੁੱਝ ਨਹੀਂ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ 'ਆਪ' ਸਰਕਾਰ ਅਤੇ ਇਸ ਦੇ ਆਗੂਆਂ ਨੂੰ ਬਦਨਾਮ ਕਰਨ ਲਈ ਈ.ਡੀ. ਵਰਗੀਆਂ ਕੇਂਦਰੀ ਏਜੰਸੀਆਂ ਨੂੰ ਆਪਣੇ ਹਥਿਆਰ ਵਜੋਂ ਵਰਤ ਰਹੀ ਹੈ। ਉਨ੍ਹਾਂ ਕਿਹਾ ਕਿ ਈ.ਡੀ. ਵੱਲੋਂ ਜੋ ਦਸਤਾਵੇਜ਼ ਭੇਜੇ ਗਏ ਹਨ, ਉਹ ਪੜ੍ਹਨਯੋਗ ਹੀ ਨਹੀਂ ਹਨ। ਈ.ਡੀ. ਕਦੇ ਉਨ੍ਹਾਂ ਦਾ, ਕਦੇ ਉਨ੍ਹਾਂ ਦੇ ਸਾਥੀ ਲਾਲ ਚੰਦ ਕਟਾਰੂਚੱਕ ਦਾ ਨਾਂ ਲੈਂਦੀ ਹੈ ਅਤੇ ਇਸ ਤੋਂ ਪਹਿਲਾਂ ਸੰਜੀਵ ਅਰੋੜਾ ਨੂੰ ਵੀ ਬਿਨਾਂ ਕਿਸੇ ਠੋਸ ਆਧਾਰ ਦੇ ਗ੍ਰਿਫ਼ਤਾਰ ਕੀਤਾ ਗਿਆ ਸੀ।




ਦੂਜੇ ਪਾਸੇ, ਈ.ਡੀ. ਨੇ ਆਪਣੇ ਪੱਤਰ ਵਿੱਚ ਕਿਹਾ ਹੈ ਕਿ ਮਨੀ ਲਾਂਡਰਿੰਗ ਸਬੰਧੀ ਪਹਿਲਾਂ ਸਾਂਝੀ ਕੀਤੀ ਗਈ ਜਾਣਕਾਰੀ ਦੇ ਆਧਾਰ 'ਤੇ ਤੁਰੰਤ ਮਾਮਲਾ ਦਰਜ ਕੀਤਾ ਜਾਵੇ। ਏਜੰਸੀ ਨੇ ਚਿਤਾਵਨੀ ਦਿੱਤੀ ਹੈ ਕਿ ਪਹਿਲਾ ਪੱਤਰ ਲਿਖੇ ਨੂੰ 30 ਦਿਨ ਬੀਤ ਚੁੱਕੇ ਹਨ ਅਤੇ ਇਸ ਦੇਰੀ ਨਾਲ ਸਬੂਤਾਂ ਨਾਲ ਛੇੜਛਾੜ ਜਾਂ ਉਨ੍ਹਾਂ ਨੂੰ ਨਸ਼ਟ ਕੀਤਾ ਜਾ ਸਕਦਾ ਹੈ। ਇਹ ਪੂਰਾ ਮਾਮਲਾ ਮਈ ਮਹੀਨੇ ਵਿੱਚ ਨਿਖਿਲ ਗੋਹਲ ਦੇ ਟਿਕਾਣਿਆਂ 'ਤੇ ਈ.ਡੀ. ਵੱਲੋਂ ਮਾਰੇ ਗਏ ਛਾਪਿਆਂ ਤੋਂ ਬਾਅਦ ਸਾਹਮਣੇ ਆਇਆ ਸੀ।

ਆਪਣੇ 'ਤੇ ਲੱਗੇ ਦੋਸ਼ਾਂ ਦਾ ਖੰਡਨ ਕਰਦਿਆਂ ਅਰੋੜਾ ਨੇ ਕਿਹਾ ਕਿ ਹਾਊਸਿੰਗ ਮੰਤਰੀ ਵਜੋਂ ਉਨ੍ਹਾਂ 'ਤੇ ਅਲਟਸ ਪ੍ਰੋਜੈਕਟ ਲਈ ਸੀ.ਐੱਲ.ਯੂ. (CLU) ਅਤੇ ਲੇਆਊਟ ਪਲਾਨ ਬਦਲਣ ਦੇ ਬੇਬੁਨਿਆਦ ਦੋਸ਼ ਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 2011 ਤੋਂ 2022 ਦੇ ਵਿਚਕਾਰ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਦੇ ਸਮੇਂ ਇਸ ਪ੍ਰੋਜੈਕਟ ਨੂੰ 6 ਸੀ.ਐੱਲ.ਯੂ. ਦਿੱਤੇ ਗਏ ਸਨ ਅਤੇ ਲੇਆਊਟ ਪਲਾਨ ਵੀ ਪਹਿਲਾਂ ਦੀਆਂ ਸਰਕਾਰਾਂ ਵੱਲੋਂ ਬਦਲੇ ਗਏ ਸਨ। ਇਹ ਸਾਰੇ ਬਦਲਾਅ ਕਾਨੂੰਨੀ ਤੌਰ 'ਤੇ ਜਾਇਜ਼ ਹਨ। ਉਨ੍ਹਾਂ ਕਿਹਾ ਕਿ ਈ.ਡੀ. ਵੱਲੋਂ ਜਿਨ੍ਹਾਂ ਦੋ FIRs ਨੂੰ ਆਧਾਰ ਬਣਾਇਆ ਜਾ ਰਿਹਾ ਹੈ, ਉਨ੍ਹਾਂ ਨੂੰ ਅਦਾਲਤ ਪਹਿਲਾਂ ਹੀ ਰੱਦ ਕਰ ਚੁੱਕੀ ਹੈ।

## ਸ਼ਹਿਰ ਵਿੱਚ ਸਫਾਈ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਖ਼ਤ ਹੁਕਮ

**ਪਟਿਆਲਾ, 2 ਸਤੰਬਰ**
**-ਛਤਰਪਾਲ ਸਿੰਘ-**

ਪਟਿਆਲਾ ਜ਼ਿਲ੍ਹੇ ਦੀ ਹਦੂਦ ਅੰਦਰ ਖਾਲੀ ਪਏ ਪਲਾਟਾਂ ਵਿੱਚ ਕੂੜਾ-ਕਰਕਟ, ਗੰਦਗੀ ਅਤੇ ਮੀਂਹ ਦੇ ਰੁਕੇ ਹੋਏ ਗੰਦੇ ਪਾਣੀ ਕਾਰਨ ਪੈਦਾ ਹੋ ਰਹੀਆਂ ਬਿਮਾਰੀਆਂ ਦੇ ਖ਼ਤਰੇ ਨੂੰ ਗੰਭੀਰਤਾ ਨਾਲ ਲੈਂਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ ਡਾ. ਹਿਮਾਂਸ਼ੂ ਅਗਰਵਾਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਸਖ਼ਤ ਹੁਕਮ ਜਾਰੀ ਕੀਤੇ ਹਨ।



ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਇਹ ਕਾਰਵਾਈ ਸਿਰਫ਼ ਕਾਗਜ਼ੀ ਹੁਕਮਾਂ ਤੱਕ ਸੀਮਤ ਨਹੀਂ ਰਹੇਗੀ। ਨਿੱਜੀ ਅਤੇ ਸਰਕਾਰੀ ਖਾਲੀ ਪਲਾਟਾਂ ਦੀ ਸਫ਼ਾਈ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਦੇ ਮੁਖੀਆਂ ਵੱਲੋਂ ਸੀਨੀਅਰ ਅਧਿਕਾਰੀਆਂ ਦੀ ਡਿਊਟੀ ਲਗਾਈ ਜਾਵੇਗੀ ਅਤੇ ਕਾਰਵਾਈ ਦੀ ਨਿਗਰਾਨੀ ਕੀਤੀ ਜਾਵੇਗੀ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਸਾਰਾ ਕੰਮ 20 ਸਤੰਬਰ 2026 ਤੱਕ ਹਰ ਹਾਲਤ ਵਿੱਚ ਮੁਕੰਮਲ ਕਰਵਾਇਆ ਜਾਵੇ। ਜੇਕਰ ਨਿਸ਼ਚਤ ਮਿਤੀ ਤੋਂ ਬਾਅਦ ਕਿਸੇ ਨਿੱਜੀ ਪਲਾਟ ਦੀ ਸਾਫ ਸਫਾਈ ਦਾ ਕੰਮ ਨਗਰ ਨਿਗਮ ਜਾ ਨਗਰ ਕੌਂਸਲ, ਪੰਚਾਇਤ ਵੱਲੋਂ ਕਰਵਾਇਆ ਜਾਂਦਾ ਹੈ ਤਾਂ ਸਾਫ ਸਫਾਈ ਦੇ ਹੋਣ ਵਾਲੇ ਖਰਚੇ ਦੀ ਰਿਕਵਰੀ ਪਲਾਟ ਦੇ ਕਾਬਜ, ਮਾਲਕ ਪਾਸੋਂ ਕੀਤੀ ਜਾਵੇ ਅਤੇ ਰਿਕਵਰੀ ਨਾ ਹੋਣ ਦੀ ਸੂਰਤ ਵਿਚ ਮਾਲ ਰਿਕਾਰਡ ਵਿੱਚ ਐਂਟਰੀ ਦਰਜ ਕਾਰਵਾਈ ਜਾਵੇਗੀ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਟਿਆਲਾ ਸ਼ਹਿਰ ਵਿੱਚ ਖਾਲੀ ਪਏ ਪਲਾਟਾਂ ਦੇ ਮਾਲਕਾਂ ਨੂੰ ਆਪਣੇ ਪੱਧਰ 'ਤੇ ਪਲਾਟਾਂ ਵਿੱਚ ਪਿਆ ਕੂੜਾ-ਕਰਕਟ, ਗੰਦਗੀ ਅਤੇ ਰੁਕਿਆ ਹੋਇਆ ਗੰਦਾ ਪਾਣੀ ਤੁਰੰਤ ਸਾਫ਼ ਕਰਵਾਉਣਾ ਹੋਵੇਗਾ। ਇਸ ਤੋਂ ਇਲਾਵਾ ਖਾਲੀ ਪਲਾਟਾਂ ਦੇ ਆਲੇ-ਦੁਆਲੇ ਪੱਕੀ ਚਾਰਦੀਵਾਰੀ ਜਾਂ ਢੁਕਵੀਂ ਫੈਂਸਿੰਗ ਕਰਵਾਉਣੀ ਲਾਜ਼ਮੀ ਹੋਵੇਗੀ, ਤਾਂ ਜੋ ਪਲਾਟਾਂ ਨੂੰ ਕੂੜੇ ਦੇ ਡੰਪਿੰਗ ਸਥਾਨ ਵਜੋਂ ਵਰਤਣ ਤੋਂ ਰੋਕਿਆ ਜਾ ਸਕੇ ਅਤੇ ਜਨਤਕ ਸਿਹਤ ਨੂੰ ਖ਼ਤਰੇ ਤੋਂ ਬਚਾਇਆ ਜਾ ਸਕੇ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਖਾਲੀ ਪਲਾਟਾਂ ਵਿੱਚ ਕੂੜਾ ਅਤੇ ਗੰਦਾ ਪਾਣੀ ਇਕੱਠਾ ਹੋਣ ਨਾਲ ਮੱਛਰਾਂ ਅਤੇ ਹੋਰ ਬਿਮਾਰੀ ਫੈਲਾਉਣ ਵਾਲੇ ਜੀਵਾਂ ਦੀ ਪੈਦਾਵਾਰ ਹੁੰਦੀ ਹੈ, ਜਿਸ ਨਾਲ ਆਮ ਲੋਕਾਂ ਦੀ ਸਿਹਤ ਨੂੰ ਗੰਭੀਰ ਖ਼ਤਰਾ ਪੈਦਾ ਹੋ ਸਕਦਾ ਹੈ।

ਇਸ ਲਈ ਜਨਤਕ ਸਿਹਤ ਨਾਲ ਜੁੜੇ ਇਸ ਮਾਮਲੇ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਗੰਦਗੀ ਬਾਰੇ ਸੂਚਨਾ ਲਈ ਲੋਕਾਂ ਵੱਲੋਂ ਵਟਸਐਪ ਨੰਬਰ 959-200-3366 'ਤੇ (ਸਿਰਫ ਮੈਸੇਜ, ਫੋਟੋ ਜਾਂ ਲੋਕੇਸ਼ਨ ਰਾਹੀਂ) ਸੂਚਨਾ ਦਿੱਤੀ ਜਾ ਸਕਦੀ ਹੈ

ਹੁਕਮਾਂ ਅਨੁਸਾਰ ਕਮਿਸ਼ਨਰ ਨਗਰ ਨਿਗਮ ਪਟਿਆਲਾ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਇਨ੍ਹਾਂ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣਗੇ। ਇਹ ਕਾਰਵਾਈ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ, 1976, ਐਨਵਾਇਰਨਮੈਂਟ (ਪ੍ਰੋਟੈਕਸ਼ਨ) ਐਕਟ, 1986 ਅਤੇ ਮਿਊਂਸਪਲ ਸੋਲਿਡ ਵੇਸਟ ਰੂਲਜ਼, 2016 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਕੀਤੀ ਜਾਵੇਗੀ।

ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਨੂੰ ਵਿਅਕਤੀ ਜਾ ਅਦਾਰੇ ਵਿਰੁੱਧ ਜਨਤਕ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਸਿੱਟੇ ਵਜੋਂ ਉਕਤ ਨਿਯਮਾਂ ਤਹਿਤ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਕਰਦੇ ਹੋਏ ਮਾਮਲੇ ਦਰਜ ਕੀਤੇ ਜਾਣਗੇ।

## ਜਲੰਧਰ: ਸਾਬਕਾ ਹਲਕਾ ਇੰਚਾਰਜ ਦਿਨੇਸ਼ ਢੱਲ ਭਾਜਪਾ 'ਚ ਸ਼ਾਮਲ

**ਜਲੰਧਰ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਲੰਧਰ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਪਾਰਟੀ ਦੇ ਸਾਬਕਾ ਹਲਕਾ ਇੰਚਾਰਜ ਦਿਨੇਸ਼ ਢੱਲ ਬੁੱਧਵਾਰ ਨੂੰ ਰਸਮੀ ਤੌਰ 'ਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਗਏ। ਦਿਨੇਸ਼ ਢੱਲ ਨੂੰ ਹਾਲ ਹੀ ਵਿੱਚ ਆਮ ਆਦਮੀ ਪਾਰਟੀ ਵੱਲੋਂ ਹਲਕਾ ਇੰਚਾਰਜ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ, ਜਿਸ ਤੋਂ ਬਾਅਦ ਉਹ ਪਾਰਟੀ ਤੋਂ ਨਾਰਾਜ਼ ਚੱਲ ਰਹੇ ਸਨ।



ਦਿਨੇਸ਼ ਢੱਲ ਨੂੰ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਢਿੱਲੋਂ, ਜ਼ਿਲ੍ਹਾ ਭਾਜਪਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ, ਭਾਜਪਾ ਦੇ ਜਨਰਲ ਸਕੱਤਰ ਅਨਿਲ ਸਰੀਨ, ਸਾਬਕਾ ਵਿਧਾਇਕ ਕੇ.ਡੀ. ਭੰਡਾਰੀ ਅਤੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਦੀ ਮੌਜੂਦਗੀ ਵਿੱਚ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ।

ਦਿਨੇਸ਼ ਢੱਲ ਦੇ ਨਾਲ-ਨਾਲ ਉਨ੍ਹਾਂ ਦੇ ਭਰਾ ਤੇ ਐੱਮ.ਸੀ. ਕੌਂਸਲਰ ਅਮਿਤ ਢੱਲ ਸਮੇਤ ਇੱਕ ਦਰਜਨ ਤੋਂ ਵੱਧ ਸਮਰਥਕਾਂ ਨੇ ਵੀ ਭਾਜਪਾ ਦਾ ਪੱਲਾ ਫੜ ਲਿਆ ਹੈ।

ਜਾਣਕਾਰੀ ਅਨੁਸਾਰ ਦਿਨੇਸ਼ ਢੱਲ 29 ਜੁਲਾਈ ਨੂੰ ਹਲਕਾ ਇੰਚਾਰਜ ਦੇ ਅਹੁਦੇ ਤੋਂ ਹਟਾਏ ਜਾਣ ਤੋਂ ਬਾਅਦ ਤੋਂ ਹੀ ਨਾਰਾਜ਼ ਚੱਲ ਰਹੇ ਸਨ। 'ਆਪ' ਹਾਈਕਮਾਂਡ ਨੇ ਉਨ੍ਹਾਂ ਦੀ ਥਾਂ ਮੇਅਰ ਵਨੀਤ ਧੀਰ ਨੂੰ ਜਲੰਧਰ ਉੱਤਰੀ ਦਾ ਹਲਕਾ ਇੰਚਾਰਜ ਬਣਾ ਦਿੱਤਾ ਸੀ। ਢੱਲ ਅਤੇ ਉਨ੍ਹਾਂ ਦੀ ਟੀਮ ਇਸ ਫੈਸਲੇ ਤੋਂ ਕਾਫੀ ਦੁਖੀ ਸੀ, ਕਿਉਂਕਿ ਉਹ ਪਿਛਲੇ ਸਾਢੇ ਚਾਰ ਸਾਲਾਂ ਤੋਂ ਆਪਣੇ ਹਲਕੇ ਵਿੱਚ ਕਰਵਾਏ ਵਿਕਾਸ ਕਾਰਜਾਂ ਦਾ ਲਗਾਤਾਰ ਹਵਾਲਾ ਦੇ ਰਹੇ ਸਨ।

## ਬਲਵੰਤ ਸਿੰਘ ਰਾਜੋਆਣਾ ਦੀਆਂ ਅੱਖਾਂ ਦਾ ਪੀ.ਜੀ.ਆਈ. ਚੰਡੀਗੜ੍ਹ 'ਚ ਹੋਵੇਗਾ ਆਪਰੇਸ਼ਨ

**ਚੰਡੀਗੜ੍ਹ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਬਕਾ ਪੰਜਾਬ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕਾਂਡ ਵਿੱਚ ਫਾਂਸੀ ਦੀ ਸਜ਼ਾ ਪ੍ਰਾਪਤ ਕੈਦੀ ਭਾਈ ਬਲਵੰਤ ਸਿੰਘ ਰਾਜੋਆਣਾ ਦੀਆਂ ਅੱਖਾਂ ਦਾ ਆਪਰੇਸ਼ਨ ਹੁਣ ਪੀਜੀਆਈ ਚੰਡੀਗੜ੍ਹ ਵਿਖੇ ਹੋਵੇਗਾ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਇਸ ਸਬੰਧੀ ਦਾਇਰ ਪਟੀਸ਼ਨ ਦਾ ਨਿਪਟਾਰਾ ਕਰਦਿਆਂ ਆਪਰੇਸ਼ਨ ਕਰਵਾਉਣ ਦੀ ਮਨਜ਼ੂਰੀ ਦੇ ਦਿੱਤੀ ਹੈ।

ਬਲਵੰਤ ਸਿੰਘ ਰਾਜੋਆਣਾ ਇਸ ਸਮੇਂ ਪਟਿਆਲਾ ਦੀ ਕੇਂਦਰੀ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਵੱਲੋਂ ਆਪਣੀਆਂ ਅੱਖਾਂ ਨਾਲ ਸਬੰਧਤ ਸਮੱਸਿਆ ਦੇ ਇਲਾਜ ਅਤੇ ਆਪਰੇਸ਼ਨ ਲਈ ਪੰਜਾਬ ਅਤੇ ਹਰਿਆਣਾ ਹਾਈਕੋਰਟ ਦਾ ਰੁਖ਼ ਕੀਤਾ ਗਿਆ ਸੀ। ਪਟੀਸ਼ਨ ਰਾਹੀਂ ਮੰਗ ਕੀਤੀ ਗਈ ਸੀ ਕਿ ਉਨ੍ਹਾਂ ਦੀਆਂ ਅੱਖਾਂ ਦਾ ਲੋੜੀਂਦਾ ਆਪਰੇਸ਼ਨ ਪਟਿਆਲਾ ਵਿੱਚ ਕਰਵਾਉਣ ਦੀ ਇਜਾਜ਼ਤ ਦਿੱਤੀ ਜਾਵੇ।

## 5 ਸਤੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਕਾਲਾ ਦਿਵਸ ਮਨਾਉਣਗੇ ਏਡਿਡ ਅਧਿਆਪਕ

### ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਤਨਖ਼ਾਹਾਂ, ਪੀ.ਪੀ.ਓਜ਼ ਅਤੇ ਏਰੀਅਰ ਤੁਰੰਤ ਜਾਰੀ ਕਰੇ ਪੰਜਾਬ ਸਰਕਾਰ: ਅਸ਼ਵਨੀ ਕੁਮਾਰ ਮਦਾਨ ਤੇ ਹਰਵਿੰਦਰ ਪਾਲ

**ਪਟਿਆਲਾ, 2 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਏਡਿਡ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ-1967 ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਵੱਲੋਂ ਇਹ ਐਲਾਨ ਕੀਤਾ ਗਿਆ ਹੈ ਕਿ 5 ਸਤੰਬਰ, ਅਧਿਆਪਕ ਦਿਵਸ ਦੇ ਮੌਕੇ ਸਵੇਰੇ 10 ਵਜੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ (ਆਨੰਦਪੁਰ ਸਾਹਿਬ-ਨੰਗਲ ਰੋਡ) ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਏਡਿਡ ਸਕੂਲ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਕੋਈ ਢੁਕਵਾਂ ਹੱਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਹੋਈਆਂ ਤਨਖ਼ਾਹਾਂ ਤੁਰੰਤ ਜਾਰੀ ਕਰਨ, ਸੇਵਾ ਮੁਕਤ ਕਰਮਚਾਰੀਆਂ ਦੇ ਪੀ.ਪੀ.ਓ. ਜਾਰੀ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਇਆ ਏਰੀਅਰ ਜਾਰੀ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਯੂਨੀਅਨ ਵੱਲੋਂ ਲਗਾਤਾਰ ਸਰਕਾਰ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਜਾ ਰਿਹਾ ਹੈ। ਇਸ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਬਹੁਤ ਮੁਸ਼ਕਲ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਆਪਣੇ ਹੀ ਹੱਕਾਂ ਲਈ ਸੜਕਾਂ 'ਤੇ ਉਤਰਨਾ ਪੈਣਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਹਰਵਿੰਦਰ ਪਾਲ ਨੇ ਦੱਸਿਆ ਕਿ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੇ ਸੱਦੇ ਅਨੁਸਾਰ 5 ਸਤੰਬਰ ਦੇ ਰੋਸ ਧਰਨੇ ਵਿੱਚ ਸੂਬੇ ਭਰ ਤੋਂ ਅਧਿਆਪਕ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹਾ ਆਪਣੇ ਪੱਧਰ 'ਤੇ ਰੋਸ ਪ੍ਰਦਰਸ਼ਨ ਦੀ ਪੂਰੀ ਤਿਆਰੀ ਕਰਕੇ ਧਰਨੇ ਵਿੱਚ ਪਹੁੰਚੇਗਾ।

ਉਨ੍ਹਾਂ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਸਾਥੀ ਕਾਲੇ ਕੱਪੜੇ ਪਾ ਕੇ ਅਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਪ੍ਰਤੀ ਆਪਣਾ ਰੋਸ ਪ੍ਰਗਟ ਕਰਨਗੇ। ਇਸ ਤੋਂ ਇਲਾਵਾ ਤਨਖ਼ਾਹਾਂ ਤੁਰੰਤ ਜਾਰੀ ਕਰੋ , ਪੀ.ਪੀ.ਓ. ਜਾਰੀ ਕਰੋ , ਏਰੀਅਰ ਤੁਰੰਤ ਜਾਰੀ ਕਰੋ ਅਤੇ ਹੋਰ ਮੰਗਾਂ ਸਬੰਧੀ ਬੈਨਰ ਅਤੇ ਤਖ਼ਤੀਆਂ ਲੈ ਕੇ ਸਾਥੀ ਧਰਨੇ ਵਿੱਚ ਸ਼ਾਮਲ ਹੋਣਗੇ। ਦੋਵਾਂ ਜ਼ਿਲ੍ਹਾ ਆਗੂਆਂ ਨੇ ਪਟਿਆਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ, ਕਰਮਚਾਰੀਆਂ ਅਤੇ ਯੂਨੀਅਨ ਦੇ ਸਾਰੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਹੋਂਦ, ਹੱਕਾਂ ਅਤੇ ਭਵਿੱਖ ਦੀ ਰੱਖਿਆ ਲਈ 5 ਸਤੰਬਰ ਨੂੰ ਸਵੇਰੇ 10 ਵਜੇ ਗੰਭੀਰਪੁਰ ਵਿਖੇ ਵੱਡੀ ਗਿਣਤੀ ਵਿੱਚ ਅਤੇ ਸਮੇਂ ਸਿਰ ਪਹੁੰਚਣ। ਉਨ੍ਹਾਂ ਕਿਹਾ ਕਿ ਯੂਨੀਅਨ ਦੀ ਏਕਤਾ ਅਤੇ ਸੰਘਰਸ਼ ਦੀ ਤਾਕਤ ਨਾਲ ਹੀ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕਦਾ ਹੈ। ਇਸ ਲਈ ਸਮੂਹ ਸਾਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤਣ ਅਤੇ ਇਸ ਇਤਿਹਾਸਕ ਰੋਸ ਪ੍ਰਦਰਸ਼ਨ ਨੂੰ ਪੂਰੀ ਤਰ੍ਹਾਂ ਸਫਲ ਬਣਾਉਣ।

## ਪਟਿਆਲਾ ਸੜਕ ਹਾਦਸਾ: CCTV ਦੀ ਮਦਦ ਨਾਲ ਅਣਪਛਾਤੀ ਕਾਰ ਦੀ ਭਾਲ ਜਾਰੀ; ਮੋਹਿਤ ਮਹਿੰਦਰਾ ਨੇ ਚੁੱਕੀ ਇਨਸਾਫ਼ ਦੀ ਆਵਾਜ਼

**ਪਟਿਆਲਾ, 2 ਸਤੰਬਰ**
**-ਬਲਜੀਤ ਸਰਨਾ-**

ਥਾਣਾ ਅਨਾਜ ਮੰਡੀ ਅਧੀਨ ਸਰਹੰਦ ਰੋਡ 'ਤੇ ਸਾਈਕਲ ਸਵਾਰ ਵਿਅਕਤੀ ਨੂੰ ਅਣਪਛਾਤੇ ਵਾਹਨ ਵੱਲੋਂ ਟੱਕਰ ਮਾਰਨ ਕਾਰਨ ਹੋਈ ਮੌਤ ਦੇ ਮਾਮਲੇ ਵਿੱਚ ਪੁਲਿਸ ਦੀ ਜਾਂਚ ਲਗਾਤਾਰ ਜਾਰੀ ਹੈ। ਪੁਲਿਸ ਵੱਲੋਂ 33“੭ ਕੈਮਰਿਆਂ ਅਤੇ ਖੁਫੀਆ ਸੂਤਰਾਂ ਦੀ ਮਦਦ ਨਾਲ ਹਾਦਸੇ ਲਈ ਜ਼ਿੰਮੇਵਾਰ ਵਾਹਨ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਇਸ ਦੌਰਾਨ ਮੋਹਿਤ ਮਹਿੰਦਰਾ ਨੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਮਾਮਲਾ ਉਠਾਇਆ ਹੈ।

ਪੁਲਿਸ ਅਧਿਕਾਰੀ ਅਨੁਸਾਰ 26 ਤਰੀਕ ਦੀ ਸਵੇਰ ਨੂੰ ਹਾਦਸੇ ਸਬੰਧੀ ਸੂਚਨਾ ਮਿਲਣ ਉਪਰੰਤ ਥਾਣਾ ਅਨਾਜ ਮੰਡੀ ਵਿੱਚ FIR ਨੰਬਰ 145 ਤਹਿਤ ਧਾਰਾ 106 ਅਤੇ 328(1) BNS ਅਧੀਨ ਮਾਮਲਾ ਦਰਜ ਕੀਤਾ ਗਿਆ। ਜਾਂਚ ਦੌਰਾਨ ਪੁਲਿਸ ਟੀਮ ਨੇ ਇਲਾਕੇ ਵਿੱਚ ਲੱਗੇ 33“੭ ਕੈਮਰਿਆਂ ਦੀ ਫੁਟੇਜ ਖੰਗਾਲਣੀ ਸ਼ੁਰੂ ਕੀਤੀ। ਫੁਟੇਜ ਨੂੰ ਟਰੇਸ ਕਰਦੇ ਹੋਏ ਪੁਲਿਸ ਤ੍ਰਿਪੜੀ ਅਤੇ ਬੜੀ ਬਾਜ਼ਾਰ ਇਲਾਕੇ ਤੱਕ ਪਹੁੰਚ ਚੁੱਕੀ ਹੈ।

ਹਾਲਾਂਕਿ ਹਾਦਸਾ ਸਵੇਰ ਦੇ ਹਨੇਰੇ ਸਮੇਂ ਵਾਪਰਨ ਕਾਰਨ CCTV ਫੁਟੇਜ ਵਿੱਚ ਕਾਰ ਦੀ ਨੰਬਰ ਪਲੇਟ ਸਪੱਸ਼ਟ ਦਿਖਾਈ ਨਹੀਂ ਦੇ ਰਹੀ। ਇਸ ਕਾਰਨ ਵਾਹਨ ਦੀ ਪਛਾਣ ਵਿੱਚ ਕੁਝ ਸਮਾਂ ਲੱਗ ਰਿਹਾ ਹੈ। ਪੁਲਿਸ ਵੱਲੋਂ ਅੱਗੇ ਦੇ CCTV ਕੈਮਰਿਆਂ ਦੀ ਫੁਟੇਜ ਵੀ ਲਗਾਤਾਰ ਚੈੱਕ ਕੀਤੀ ਜਾ ਰਹੀ ਹੈ।

ਪੁਲਿਸ ਦਾ ਕਹਿਣਾ ਹੈ ਕਿ ਵਾਹਨ ਦਾ ਨੰਬਰ ਟਰੇਸ ਕਰਕੇ ਜਲਦ ਹੀ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।




## ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਦੇ ਨਵੀਨੀਕਰਨ ਤੇ ਸੁੰਦਰੀਕਰਨ ਦਾ ਕਾਰਜ ਅਕਤੂਬਰ ਤੱਕ ਹੋਵੇਗਾ ਮੁਕੰਮਲ: ਬਲਤੇਜ ਸਿੰਘ ਪੰਨੂ



**ਪਟਿਆਲਾ, 2 ਸਤੰਬਰ**
**-ਛਤਰਪਾਲ ਸਿੰਘ-**

ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਅੱਜ ਇੱਥੇ ਇਤਿਹਾਸਕ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਵਿਖੇ ਚੱਲ ਰਹੇ ਨਵੀਨੀਕਰਨ ਤੇ ਸੁੰਦਰੀਕਰਨ ਦੇ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਮੰਦਿਰ ਸਲਾਹਕਾਰੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸੀਏ ਅਜੇ ਅਲੀਪੁਰੀਆ ਤੇ ਸੰਜੇ ਸਿੰਗਲਾ ਸਮੇਤ ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੀ ਮੌਜੂਦ ਸਨ। ਬਲਤੇਜ ਸਿੰਘ ਪੰਨੂ ਨੇ ਚੱਲ ਰਹੇ ਨਿਰਮਾਣ ਕਾਰਜਾਂ ਦੀ ਗੁਣਵੱਤਾ ਅਤੇ ਪ੍ਰਗਤੀ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਇਸ ਕਾਰ ਸੇਵਾ ਦਾ ਜਾਇਜ਼ਾ ਲੈ ਰਹੇ ਹਨ ਅਤੇ ਲੋਕ ਨਿਰਮਾਣ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਜਾਰੀ ਕਰਦੇ ਹਨ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਬਲਤੇਜ ਸਿੰਘ ਪੰਨੂ ਨੇ ਦੱਸਿਆ ਕਿ ਮੰਦਿਰ ਦੇ ਸੁੰਦਰੀਕਰਨ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਇਹ ਸਾਰੇ ਵਿਕਾਸ ਕਾਰਜ ਅਕਤੂਬਰ ਮਹੀਨੇ ਤੱਕ ਮੁਕੰਮਲ ਕਰ ਲਏ ਜਾਣਗੇ, ਇਸ ਉਪਰੰਤ ਮੰਦਿਰ ਦੀ ਨਵੀਂ ਤੇ ਨਿਵੇਕਲੀ ਤਸਵੀਰ ਸਾਹਮਣੇ ਆਵੇਗੀ।

ਪੰਨੂ ਨੇ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਮੰਦਿਰ ਵਿੱਚ ਨਤਮਸਤਕ ਹੋਣ ਆਉਣ ਵਾਲੇ ਸ਼ਰਧਾਲੂਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਇਹ ਇੱਕ ਪੁਰਾਤਨ ਮੰਦਿਰ ਹੈ ਅਤੇ ਇਸ ਦੀ ਬਹੁਤ ਵੱਡੀ ਮਾਨਤਾ ਹੈ, ਇੱਥੇ ਭਗਤਾਂ ਦੀਆਂ ਲੰਮੀਆਂ ਲਾਈਨਾਂ ਲੱਗਦੀਆਂ ਹਨ ਅਤੇ ਉਨ੍ਹਾਂ ਨੂੰ ਕੋਈ ਮੁਸ਼ਕਲ ਨਾ ਆਵੇ, ਇਸ ਲਈ ਪਖਾਨਿਆਂ ਤੋਂ ਲੈ ਕੇ ਬੈਠਣ, ਪੀਣ ਵਾਲੇ ਪਾਣੀ, ਲੰਗਰ ਅਤੇ ਸੁਰੱਖਿਆ ਦੀ ਕੀਤੇ ਜਾ ਰਹੇ ਇੰਤਜ਼ਾਮਾਂ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਪੰਨੂ ਨੇ ਜ਼ੋਰ ਦੇ ਕੇ ਕਿਹਾ ਕਿ ਸਾਰੇ ਕਾਰਜ ਸ਼ਰਧਾਲੂਆਂ ਦੀ ਆਸਥਾ, ਸੁਵਿਧਾ ਅਤੇ ਸੁਰੱਖਿਆ ਨੂੰ ਸਰਵਉੱਚ ਤਰਜੀਹ ਦਿੰਦਿਆਂ ਕੀਤੇ ਜਾ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਸ਼੍ਰੀ ਕਾਲੀ ਮਾਤਾ ਮੰਦਿਰ ਨਾ ਸਿਰਫ਼ ਪੰਜਾਬ ਜਾਂ ਭਾਰਤ, ਸਗੋਂ ਦੁਨੀਆਂ ਭਰ ਦੇ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਇੱਕ ਵੱਡਾ ਆਕਰਸ਼ਣ ਦਾ ਕੇਂਦਰ ਬਣ ਕੇ ਉੱਭਰੇਗਾ। ਇਸ ਨਾਲ ਇਲਾਕੇ ਵਿੱਚ ਧਾਰਮਿਕ ਸੈਰ-ਸਪਾਟੇ ਨੂੰ ਵੀ ਵੱਡਾ ਹੁਲਾਰਾ ਮਿਲੇਗਾ।

ਬਲਤੇਜ ਸਿੰਘ ਪੰਨੂ ਨੇ ਮੰਦਿਰ ਸਲਾਹਕਾਰ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੇ ਨਾਲ ਓਐਸਡੀ ਗੁਰਵਿੰਦਰ ਸਿੰਘ, ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।

## 70ਵੀਆਂ ਜ਼ਿਲ੍ਹਾ ਸਕੂਲ ਖੇਡਾਂ 'ਚ ਲੜਕੇ/ਲੜਕੀਆਂ ਦੇ ਜਿਮਨਾਸਟਿਕਸ ਮੁਕਾਬਲੇ ਕਰਵਾਏ ਗਏ



**ਪਟਿਆਲਾ, 2 ਸਤੰਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕੇ/ਲੜਕੀਆਂ ਦੇ ਜਿਮਨਾਸਟਿਕਸ ਦੇ ਮੁਕਾਬਲੇ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ।

ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪੋਲੋ ਗਰਾਉਂਡ ਪਟਿਆਲਾ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ।

ਅੰਡਰ-14 ਲੜਕੀਆਂ ਦੇ ਰਿਧਮਿਕ ਮੁਕਾਬਲਿਆਂ ਵਿੱਚ ਜਨਤ ਵਰਮਾ ਨੇ ਪਹਿਲਾ,ਰੂਹੀ ਨੇ ਦੂਜਾ,ਸਿਮਾਯਾ ਬਾਂਸਲ ਨੇ ਤੀਜਾ,ਅੰਡਰ-17 ਦੇ ਵਿੱਚ ਇਬਾਦਤ ਕੌਰ ਨੇ ਪਹਿਲਾ,ਸਮਰੀਨ ਨੇ ਦੂਜਾ,ਮਨਦੀਪ ਨੇ ਤੀਜਾ,ਅੰਡਰ-19 ਦੇ ਵਿੱਚ ਮਾਨਿਆ ਭਾਰਦਵਾਜ਼ ਨੇ ਪਹਿਲਾ, ਸਿਮਰਨਜੀਤ ਕੌਰ ਨੇ ਦੂਜਾ,ਏਕਮਪ੍ਰੀਤ ਕੌਰ ਨੇ ਤੀਜਾ, ਅੰਡਰ-14 ਲੜਕਿਆਂ ਦੇ ਆਰਟਿਸਟਿਕ ਮੁਕਾਬਲਿਆਂ ਵਿੱਚ ਰਿਸ਼ਭ ਨੇ ਪਹਿਲਾ, ਪਰਾਜਲ ਨੇ ਦੂਜਾ,ਅਗਮਜੋਤ ਨੇ ਤੀਜਾ, ਅੰਡਰ-17 ਦੇ ਵਿੱਚ ਬੀਰਕੁੰਵਰ ਨੇ ਪਹਿਲਾ,ਮਿਦਾਸ਼ ਮਹਿਰਾ ਨੇ ਦੂਜਾ,ਡਾਈਨਲ ਨੇ ਤੀਜਾ,ਅੰਡਰ-19 ਦੇ ਵਿੱਚ ਜਸਪ੍ਰੀਤ ਸਿੰਘ ਕਾਂਗੜਾ ਨੇ ਪਹਿਲਾ,ਭੌਮਿਕਪਾਲ ਸਿੰਘ ਨੇ ਦੂਜਾ,ਪੀਯੂਸ਼ ਸ਼ਰਮਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।




# ਸਿਹਤ ਮੰਤਰੀ ਵੱਲੋਂ 'ਮਿਸ਼ਨ ਕਲੀਨ ਪੰਜਾਬ' ਦੇ ਚੌਥੇ ਦਿਨ ਤ੍ਰਿਪੜੀ 'ਚ ਸਫ਼ਾਈ ਮੁਹਿੰਮ ਜਾਰੀ

**ਪਟਿਆਲਾ, 2 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਚਲਾਈ ਜਾ ਰਹੀ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਦੇ ਚੌਥੇ ਦਿਨ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਦੇ ਤ੍ਰਿਪੜੀ ਵਿਖੇ ਪੱਥਰ ਪਾਰਕ ਤੋਂ ਕੋਹਲੀ ਸਵੀਟਸ ਤੱਕ ਸਫ਼ਾਈ ਮੁਹਿੰਮ ਦੀ ਅਗਵਾਈ ਕੀਤੀ। ਇਸ ਮੌਕੇ ਬੀ.ਐਨ. ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਸਰਹਿੰਦ ਰੋਡ ਦੇ ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ।




ਡਾ. ਬਲਬੀਰ ਸਿੰਘ ਨੇ ਕਿਹਾ ਕਿ 'ਮਿਸ਼ਨ ਕਲੀਨ ਪੰਜਾਬ' ਪੰਜਾਬ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ ਅਤੇ ਇਸ ਦੀ ਸਫ਼ਲਤਾ ਲਈ ਲੋਕਾਂ ਦੀ ਭਾਗੀਦਾਰੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਦੀ ਸ਼ੁਰੂਆਤ ਸਾਨੂੰ ਆਪਣੇ ਘਰ ਤੋਂ ਕਰਨੀ ਚਾਹੀਦੀ ਹੈ ਅਤੇ ਫਿਰ ਆਲੇ-ਦੁਆਲੇ, ਮੁਹੱਲੇ ਤੇ ਸ਼ਹਿਰ ਨੂੰ ਸਾਫ਼ ਰੱਖਣ ਲਈ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪਟਿਆਲਾ ਕਦੇ 'ਬਾਗਾਂ ਦੇ ਸ਼ਹਿਰ' ਵਜੋਂ ਜਾਣਿਆ ਜਾਂਦਾ ਸੀ ਅਤੇ ਇਸ ਪਛਾਣ ਨੂੰ ਮੁੜ ਸਥਾਪਿਤ ਕਰਨ ਲਈ ਸਾਰਿਆਂ ਨੂੰ ਮਿਲ ਕੇ ਯਤਨ ਕਰਨੇ ਪੈਣਗੇ। ਉਨ੍ਹਾਂ ਕਿਹਾ ਕਿ ਸਾਫ਼ ਵਾਤਾਵਰਣ ਲੋਕਾਂ ਦੀ ਸਿਹਤ ਨਾਲ ਸਿੱਧੇ ਤੌਰ 'ਤੇ ਜੁੜਿਆ ਹੋਇਆ ਹੈ ਅਤੇ ਸਫ਼ਾਈ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਸਮੇਂ ਦੀ ਲੋੜ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਿੱਥੇ ਸਫ਼ਾਈ ਹੋਵੇਗੀ, ਉੱਥੇ ਤੰਦਰੁਸਤੀ ਹੋਵੇਗੀ, ਜਦਕਿ ਗੰਦਗੀ ਬਿਮਾਰੀਆਂ ਨੂੰ ਸੱਦਾ ਦਿੰਦੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੂੜਾ, ਮੱਛਰਾਂ ਦੀ ਭਰਮਾਰ, ਸੀਵਰੇਜ ਲੀਕੇਜ ਜਾਂ ਖੜ੍ਹਾ ਪਾਣੀ ਨਜ਼ਰ ਆਉਣ 'ਤੇ 'ਐੱਮ-ਸੇਵਾ' ਐਪ ਰਾਹੀਂ ਫੋਟੋ ਸਮੇਤ ਸ਼ਿਕਾਇਤ ਦਰਜ ਕਰਵਾਉਣ। ਐਪ ਦੀ ਵਰਤੋਂ ਨਾ ਕਰ ਸਕਣ ਵਾਲੇ ਲੋਕ 8750975975 'ਤੇ ਵ੍ਹਟਸਐਪ ਰਾਹੀਂ ਫੋਟੋ ਅਤੇ ਲੋਕੇਸ਼ਨ ਭੇਜ ਸਕਦੇ ਹਨ। ਉਨ੍ਹਾਂ ਕਿਹਾ ਕਿ ਸ਼ਿਕਾਇਤ 'ਤੇ 24 ਘੰਟਿਆਂ ਦੇ ਅੰਦਰ ਕਾਰਵਾਈ ਕੀਤੀ ਜਾਵੇਗੀ।

ਸਿਹਤ ਮੰਤਰੀ ਨੇ ਲੋਕਾਂ ਨੂੰ ਪਲਾਸਟਿਕ ਦੀ ਵਰਤੋਂ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਿੰਗਲ ਯੂਜ਼ ਪਲਾਸਟਿਕ ਵਾਤਾਵਰਣ ਲਈ ਗੰਭੀਰ ਚੁਣੌਤੀ ਹੈ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਬਣਾਉਣ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਸੁੱਟਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ 'ਮਿਸ਼ਨ ਕਲੀਨ ਪੰਜਾਬ' ਨੂੰ ਲੋਕ ਲਹਿਰ ਬਣਾਉਣ ਲਈ ਸਰਕਾਰ ਦੇ ਨਾਲ-ਨਾਲ ਹਰ ਵਰਗ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਸਕੂਲੀ ਵਿਦਿਆਰਥੀਆਂ ਵੱਲੋਂ ਮੁਹਿੰਮ ਵਿੱਚ ਕੀਤੀ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚੇ ਆਪਣੇ ਪਰਿਵਾਰਾਂ ਅਤੇ ਸਮਾਜ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਆਓ, ਸਾਰੇ ਮਿਲ ਕੇ ਸਫ਼ਾਈ ਨੂੰ ਆਪਣੀ ਆਦਤ ਬਣਾਈਏ ਅਤੇ ਪੰਜਾਬ ਨੂੰ ਮੁੜ ਸਾਫ਼-ਸੁਥਰਾ, ਖੂਬਸੂਰਤ ਅਤੇ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਈਏ।

ਇਸ ਮੌਕੇ ਨਗਰ ਨਿਗਮ ਮੇਅਰ ਕੁੰਦਨ ਗੋਗੀਆ, ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ, ਪੰਜਾਬ ਐਗਰੋ ਫੂਡ ਗ੍ਰੇਨਸ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਬਲਜਿੰਦਰ ਢਿੱਲੋਂ, ਜ਼ਿਲ੍ਹਾ ਮੀਡੀਆ ਸੈਕਟਰੀ ਗੱਜਣ ਸਿੰਘ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

# ਚੰਡੀਗੜ੍ਹ ਦੇ ਸਾਰੰਗਪੁਰ ਵਿਖੇ ਪੀਐੱਮ ਸੂਰਯ ਘਰ ਜਾਗਰੂਕਤਾ ਕੈਂਪ ਆਯੋਜਿਤ



**ਚੰਡੀਗੜ੍ਹ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਚੰਡੀਗੜ੍ਹ ਰੀਨਿਊਏਬਲ ਐਂਡ ਸਾਇੰਸ ਐਂਡ ਟਕਨੋਲੋਜੀ ਪ੍ਰਮੋਸ਼ਨ ਸੋਸਾਇਟੀ (ਕ੍ਰੈਸਟ/ਸੀਆਰਈਐੱਸਟੀ) ਦੁਆਰਾ ਸਾਰੰਗਪੁਰ, ਚੰਡੀਗੜ੍ਹ ਵਿਖੇ 'ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ' ਬਾਰੇ ਸਥਾਨਕ ਨਿਵਾਸੀਆਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਇਸ ਕੈਂਪ ਵਿੱਚ ਨਗਰ ਕੌਂਸਲਰ ਸ਼੍ਰੀ ਸਤਿੰਦਰ ਸਿੰਘ ਸਿੱਧੂ ਅਤੇ ਖੇਤਰ ਦੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨੇ ਵੀ ਹਿੱਸਾ ਲਿਆ ਅਤੇ ਸਥਾਨਕ ਨਿਵਾਸੀਆਂ ਨਾਲ ਸੰਵਾਦ ਕੀਤਾ। ਉਨ੍ਹਾਂ ਨੇ ਲੋਕਾਂ ਨੂੰ 'ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ' ਦਾ ਲਾਭ ਉਠਾਉਣ ਅਤੇ ਆਪਣੇ ਘਰਾਂ ਦੀਆਂ ਛੱਤਾਂ 'ਤੇ ਸੌਰ ਊਰਜਾ ਪਲਾਂਟ ਸਥਾਪਿਤ ਕਰਨ ਲਈ ਪ੍ਰੋਤਸਾਹਿਤ ਕੀਤਾ।

ਕੈਂਪ ਦੇ ਦੌਰਾਨ ਕ੍ਰੈਸਟ ਦੇ ਪ੍ਰੋਜੈਕਟ ਡਾਇਰੈਕਟਰ ਸ਼੍ਰੀ ਰਜਨੀਸ਼ ਸ਼ਰਮਾ ਅਤੇ ਹੋਰ ਅਧਿਕਾਰੀਆਂ ਨੇ ਨਿਵਾਸੀਆਂ ਨੂੰ ਯੋਜਨਾ ਦੇ ਤਹਿਤ ਰੂਫਟੌਪ ਸੋਲਰ ਪਾਵਰ ਪਲਾਂਟ ਸਥਾਪਿਤ ਕਰਨ ਦੇ ਲਾਭਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ। ਪ੍ਰਤੀਭਾਗੀਆਂ ਨੂੰ ਯੋਜਨਾ ਦੇ ਤਹਿਤ ਅਰਜ਼ੀ ਦੇਣ ਦੀ ਪ੍ਰਕਿਰਿਆ, ਰੂਫਟੌਪ ਸੋਲਰ ਪਲਾਂਟ ਦੀ ਸਥਾਪਨਾ ਅਤੇ ਇਸ ਨਾਲ ਜੁੜੇ ਹੋਰ ਮਹੱਤਵਪੂਰਨ ਪਹਿਲੂਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਕੈਂਪ ਵਿੱਚ ਸੂਚੀਬੱਧ ਸੌਰ ਵਿਕ੍ਰੇਤਾਵਾਂ ਨੇ ਵੀ ਹਿੱਸਾ ਲਿਆ ਅਤੇ ਮੌਕੇ 'ਤੇ ਹੀ ਰਜਿਸਟ੍ਰੇਸ਼ਨ ਦੀ ਸੁਵਿਧਾ ਉਪਲਬਧ ਕਰਵਾਈ। ਉਨ੍ਹਾਂ ਨੇ ਰੂਫਟੌਪ ਸੋਲਰ ਸਿਸਟਮ, ਇੰਸਟਾਲੇਸ਼ਨ ਪ੍ਰਕਿਰਿਆ ਅਤੇ ਹੋਰ ਤਕਨੀਕੀ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ, ਜਿਸ ਨਾਲ ਇੱਛੁਕ ਉਪਭੋਗਤਾਵਾਂ ਨੂੰ ਯੋਜਨਾ ਅਤੇ ਉਪਲਬਧ ਵਿਕਲਪਾਂ ਨੂੰ ਬਿਹਤਰ ਢੰਗ ਨਾਲ ਸਮਝਣ ਵਿੱਚ ਸਹਾਇਤਾ ਮਿਲੀ।

ਇਸ ਤੋਂ ਇਲਾਵਾ, ਇੱਛੁਕ ਉਪਭੋਗਤਾਵਾਂ ਨੂੰ ਰੂਫਟੌਪ ਸੋਲਰ ਪਾਵਰ ਪਲਾਂਟ ਸਥਾਪਿਤ ਕਰਨ ਲਈ ਉਪਲਬਧ ਰਿਣ ਅਤੇ ਵਿੱਤਪੋਸ਼ਣ ਸੁਵਿਧਾਵਾਂ ਅਤੇ ਰਿਣ ਪ੍ਰਾਪਤ ਕਰਨ ਦੀ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਦਿੱਤੀ ਗਈ। ਜਾਗਰੂਕਤਾ ਕੈਂਪ ਨੂੰ ਸਥਾਨਕ ਨਿਵਾਸੀਆਂ ਤੋਂ ਉਤਸ਼ਾਹਜਨਕ ਪ੍ਰਤੀਕਿਰਿਆ ਮਿਲੀ। ਬੜੀ ਸੰਖਿਆ ਵਿੱਚ ਲੋਕਾਂ ਨੇ 'ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ' ਦੇ ਤਹਿਤ ਰੂਫਟੌਪ ਸੋਲਰ ਪਾਵਰ ਸਿਸਟਮ ਸਥਾਪਿਤ ਕਰਨ ਬਾਰੇ ਜਾਣਕਾਰੀ ਪ੍ਰਾਪਤ ਕੀਤੀ।

ਇਸ ਅਵਸਰ 'ਤੇ, ਕੌਂਸਲਰ ਸ਼੍ਰੀ ਸਤਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਹਰੇਕ ਘਰ ਵਿੱਚ ਬਿਜਲੀ ਦੀ ਖਪਤ ਲਗਾਤਾਰ ਵਧ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸੌਰ ਊਰਜਾ ਤਕਨੀਕ ਇੱਕ ਜ਼ਰੂਰਤ ਬਣ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਪ੍ਰਦਾਨ ਕੀਤੀ ਜਾ ਰਹੀ ਸਬਸਿਡੀ ਦਾ ਲਾਭ ਉਠਾ ਕੇ ਘਰਾਂ ਦੀਆਂ ਛੱਤਾਂ 'ਤੇ ਸੋਲਰ ਸਿਸਟਮ ਸਥਾਪਿਤ ਕਰਨ ਦਾ ਇਹ ਸੁਨਹਿਰਾ ਅਵਸਰ ਹੈ।

ਉਨ੍ਹਾਂ ਨੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਚੰਡੀਗੜ੍ਹ ਨੂੰ ਊਰਜਾ ਜ਼ਰੂਰਤਾਂ ਦੇ ਮਾਮਲੇ ਵਿੱਚ ਆਤਮਨਿਰਭਰ ਬਣਾਉਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਸ਼ੁਰੂ ਕੀਤੀਆਂ ਗਈਆਂ ਪਹਿਲਾਂ ਨੂੰ ਸਫ਼ਲ ਬਣਾਉਣ ਲਈ ਸਮੂਹਿਕ ਤੌਰ 'ਤੇ ਅੱਗੇ ਆਉਣ।

# ਦੌਲਤਪੁਰ ਦੇ ਦੰਗਲ ਮੇਲੇ ਦੀ ਝੰਡੀ ਦਿਨੇਸ਼ ਗੁਲੀਆ ਨੇ ਜਿੱਤੀ; ਦਿਆਲਪੁਰਾ, ਰਾਜਾ ਗਿੱਲ ਅਤੇ ਪਰਮਜੀਤ ਢਿੱਲੋਂ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ

**ਮਾਛੀਵਾੜਾ ਸਾਹਿਬ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਬਲਾਕ ਨਜ਼ਦੀਕ ਦਰਿਆ ਸਤਲੁਜ ਦੇ ਕੰਢੇ ਤੇ ਵੱਸੇ ਪਿੰਡ ਦੌਲਤਪੁਰ (ਮੰਡ ਝੜੌਦੀ) ਵਿਖੇ ਵਿਸ਼ਾਲ ਸਲਾਨਾ ਦੰਗਲ ਮੇਲਾ ਕਰਵਾਇਆ ਗਿਆ। ਜਾਣਕਾਰੀ ਦਿੰਦਿਆਂ ਪ੍ਰਧਾਨ ਸੰਤੋਖ ਸਿੰਘ ਅਤੇ ਸਰਪੰਚ ਗੁਰਮੀਤ ਸਿੰਘ ਭਾਊ , ਖਜਾਨਚੀ ਗੁਰਮੁਖ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਦੌਲਤਪੁਰ,ਈਸਾਪੁਰ ,ਮਿਲਕੋਵਾਲ ,ਮੰਡ ਜੋਧਵਾਲ,ਗ੍ਰਾਮ ਪੰਚਾਇਤਾਂ ਅਤੇ ਐਨ.ਆਰ.ਆਈ.ਵੀਰਾਂ ਦੇ ਵੱਡੇ ਸਹਿਯੋਗ ਨਾਲ ਸਲਾਨਾ ਵਿਸ਼ਾਲ ਦੰਗਲ ਮੇਲਾ ਕਰਵਾਇਆ ਗਿਆ ਜਿਸ ਵਿੱਚ 300 ਤੋਂ ਵੱਧ ਪਹਿਲਵਾਨਾਂ ਨੇ ਆਪਣੀਆਂ ਕੁਸ਼ਤੀਆਂ ਦੇ ਜੌਹਰ ਦਿਖਾਏ। ਬੁਲਟ ਮੋਟਰਸਾਈਕਲ ਇਨਾਮੀ ਝੰਡੀ ਦੀ ਇੱਕ ਨੰਬਰ ਕੁਸ਼ਤੀ ਹਾਮਿਦ ਇਰਾਨ ਅਤੇ ਦਿਨੇਸ਼ ਗੁਲੀਆ ਵਿਚਕਾਰ ਕਰਵਾਈ ਗਈ। ਜਿਸ ਵਿੱਚ ਦਿਨੇਸ਼ ਗੁਲੀਆ ਨੇ ਸ਼ਾਨਦਾਰ ਜਿੱਤ ਪ੍ਰਾਪਤ ਕਰਦਿਆਂ ਝੰਡੀ ਆਪਣੇ ਨਾਲ ਕੀਤੀ।



ਪ੍ਰਬੰਧਕ ਕਮੇਟੀ ਵੱਲੋਂ ਜੇਤੂ ਪਹਿਲਵਾਨ ਨੂੰ ਬੁਲਟ ਮੋਟਰਸਾਈਕਲ ਨਾਲ ਸਨਮਾਨਿਆ ਗਿਆ। ਦੋ ਨੰਬਰ ਦੀ ਝੰਡੀ ਤੇ ਦੋ ਕੁਸ਼ਤੀਆਂ ਕਰਵਾਈਆਂ ਗਈਆਂ ਪਹਿਲੀ ਕੁਸ਼ਤੀ ਸੁਖਮਨ ਬਾਹੜੋਵਾਲ ਅਤੇ ਗੁਰਨਾਮ ਮਾਛੀਵਾੜਾ ਵਿਚਕਾਰ ਹੋਈ ਜਿਸ ਵਿੱਚ ਗੁਰਨਾਮ ਮਾਛੀਵਾੜਾ ਨੇ ਸ਼ਾਨਦਾਰ ਜਿੱਤ ਪ੍ਰਾਪਤ। ਦੋ ਨੰਬਰ ਦੀ ਝੰਡੀ ਦੀ ਦੂਜੀ ਕੁਸ਼ਤੀ ਨਮਾਜ਼ ਅਲੀ ਅਤੇ ਲਾਲੀ ਮੰਡ ਚੌਂਤਾ ਵਿਚਕਾਰ ਕਰਵਾਈ ਗਈ ,ਜਿਸ ਵਿੱਚ ਲਾਲੀ ਮੰਡ ਚੌਂਤਾ ਜੇਤੂ ਰਿਹਾ।

ਇੱਕ ਹੋਰ ਸਪੈਸ਼ਲ ਕੁਸ਼ਤੀ ਵਿੱਚ ਲਾਲ ਮੰਡ ਚੌਂਤਾ ਨੇ ਜੈਬਰਾ ਬਠਿੰਡਾ ਨੂੰ ਹਰਾਇਆ। ਪਹਿਲਵਾਨਾਂ ਦੇ ਜੋੜ ਥਾਣੇਦਾਰ ਬੂਟਾ ਸਿੰਘ ਅਤੇ ਜੀਤੀ ਮਾਛੀਵਾੜਾ ਨੇ ਬਣਾਏ ਜਦਕਿ ਅਖਾੜੇ ਵਿੱਚ ਰੈਫਰੀ ਦੀ ਡਿਊਟੀ ਸਰਪੰਚ ਗੁਰਮੀਤ ਸਿੰਘ ਭਾਊ, ਪਹਿਲਵਾਨ ਮਹਿੰਦਰ ਸਿੰਘ ਮਾਛੀਵਾੜਾ ,ਪਹਿਲਵਾਨ ਪੰਮੀ ਮਾਛੀਵਾੜਾ, ਪਹਿਲਵਾਨ ਦੀਪ ਕੱਚਾ ਮਾਛੀਵਾੜਾ ਅਤੇ ਰਵੀ ਦੋਰਾਹਾ ਨੇ ਨਿਭਾਈ। ਪਹਿਲਵਾਨਾਂ ਨੂੰ ਸੋਨੇ ਦੀਆਂ ਮੁੰਦੀਆਂ ਅਤੇ ਲੱਖਾਂ ਰੁਪਏ ਦੇ ਨਕਦ ਇਨਾਮ ਦਿੱਤੇ ਗਏ।

ਇਸ ਦੰਗਲ ਮੇਲੇ ਵਿੱਚ ਪ੍ਰਤਾਪ ਸਿੰਘ ਢੋਲੀ ਸਪੁੱਤਰ ਜਸਵੰਤ ਸਿੰਘ ਯੂ.ਐਸ.ਏ. ਵਾਲਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਪ੍ਰਬੰਧਕ ਕਮੇਟੀ ਨੂੰ ਬੁਲਟ ਮੋਟਰਸਾਈਕਲ, ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ,ਲੰਗਰ ਦੀ ਸੇਵਾ ਅਤੇ ਨਗਦ ਰੁਪਏ ਪਹਿਲਵਾਨਾਂ ਨੂੰ ਦਾਨ ਵਜੋਂ ਦਿੱਤੇ। ਨੰਬਰਦਾਰ ਜਗੀਰ ਸਿੰਘ ਦੇ ਸਪੁੱਤਰ ਵਾਲੀਆ ਇੰਗਲੈਂਡ ਵੱਲੋਂ ਇਸ ਦੰਗਲ ਮੇਲੇ ਲਈ ਪਿਓਰ ਪੰਜਾਬੀ ਚੈਨਲ ਨੂੰ ਸਪੌਂਸਰ ਕੀਤਾ ਗਿਆ , ਤੇ ਦੰਗਲ ਕਮੇਟੀ ਨੂੰ 45000/ ਰੁਪਏ ਦੀ ਨਗਦ ਰਾਸ਼ੀ ਵੀ ਦਾਨ ਵਜੋਂ ਦਿੱਤੀ। ਅਖਾੜੇ ਵਿੱਚ ਪਹਿਲਵਾਨ ਅਤੇ ਦਰਸ਼ਕ ਵੀਰਾਂ ਲਈ ਠੰਡੇ ਮਿੱਠੇ ਦੁੱਧ ਦੀ ਸੇਵਾ ਸਰਪੰਚ ਗੁਰਮੀਤ ਸਿੰਘ ਭਾਊ ,ਸੁੱਚਾ ਸਿੰਘ ਯੂ.ਐਸ.ਏ., ਕਰਨੈਲ ਸਿੰਘ ਸਰਪੰਚ , ਦਲਵਾਰਾ ਸਿੰਘ ਯੂ.ਐਸ.ਏ.ਪਰਿਵਾਰ ਵਲੋਂ ਕੀਤੀ ਗਈ।

ਇਸ ਦੰਗਲ ਮੇਲੇ ਵਿੱਚ ਐਨ.ਆਰ.ਆਈ. ਵੀਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ ਜਿਨਾਂ ਨੂੰ 1 ਲੱਖ ਤੋਂ ਵਧੇਰੇ ਦੀ ਰਾਸ਼ੀ ਪ੍ਰਬੰਧਕਾਂ ਉਚੇਚੇ ਤੌਰ ਤੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ,ਸ਼੍ਰੋਮਣੀ ਅਕਾਲੀ ਦਲ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਹਲਕਾ ਇੰਚਾਰਜ ਕਾਂਗਰਸ ਰੁਪਿੰਦਰ ਸਿੰਘ ਰਾਜਾ ਗਿੱਲ,,ਮਾਰਕੀਟ ਕਮੇਟੀ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਪ੍ਰਵੀਨ ਮੱਕੜ, ਜਗਤਾਰ ਸਿੰਘ ਜੱਸੋਵਾਲ, ਗੁਰਵੀਰ ਸਿੰਘ ਖੇੜਾ, ਵਨੀਤ ਕੁਮਾਰ ਝੜੌਦੀ, ਨਵਜੀਤ ਸਿੰਘ ਓਟਾਲ , ਰਮਨਦੀਪ ਸਿੰਘ,ਟਰੈਫਿਕ ਇੰਚਾਰਜ ਮਾਛੀਵਾੜਾ ਜਸਬੀਰ ਸਿੰਘ, ਅਮਨਦੀਪ ਤਨੇਜਾ ,ਤੇਜਪਾਲ ਵਾਈਸ ਚੇਅਰਮੈਨ ਬਲਾਕ ਸੰਮਤੀ ਮਾਛੀਵਾੜਾ, ਜਥੇਦਾਰ ਮਹਿੰਦਰ ਸਿੰਘ ਈਸਾਪੁਰ, ਦਲਵੀਰ ਚੰਦ,, ਜਸਪਾਲ ਸਿੰਘ ਜੱਜ, ਸਰਪੰਚ ਧਰਮਪਾਲ,ਨੇ ਸਿਰਕਤ ਕੀਤੀ।, ਦੰਗਲ ਮੇਲੇ ਦੀ ਸਫਲਤਾ ਲਈ ਸਰਪੰਚ ਗੁਰਮੀਤ ਸਿੰਘ ਭਾਊ, ਪ੍ਰਧਾਨ ਸੰਤੋਖ ਸਿੰਘ ਕੈਸ਼ੀਅਰ ਗੁਰਮੁਖ ਸਿੰਘ, ਸੈਕਟਰੀ ਦਰਸ਼ਨ ਸਿੰਘ, ਸਕੱਤਰ ਜਰਨੈਲ ਸਿੰਘ, ਬਾਬਾ ਅਜਮੇਰ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਨੰਬਰਦਾਰ ਜਗੀਰ ਸਿੰਘ, ਬਲਵੀਰ ਸਿੰਘ,ਜਰਨੈਲ ਸਿੰਘ, ਪ੍ਰੀਤਮ ਸਿੰਘ, ,ਲਖਬੀਰ ਸਿੰਘ,ਮੀਤ ਪ੍ਰਧਾਨ ਬਲਵੀਰ ਸਿੰਘ, ਮੈਂਬਰ ਜੋਗਿੰਦਰ ਸਿੰਘ, ਧਿਆਨ ਸਿੰਘ, ਸਰਪੰਚ ਜਸਪ੍ਰੀਤ ਸਿੰਘ ਰਣਜੀਤ ਸਿੰਘ , ਥਾਣੇਦਾਰ ਬੂਟਾ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਦੰਗਲ ਮੇਲੇ ਦੀ ਕਮੈਂਟਰੀ ਇੰਟਰਨੈਸ਼ਨਲ ਕੁਮੈਂਟੇਟਰ ਹਰਜੀਤ ਸਿੰਘ ਲੱਲ ਕਲਾਂ ਅਤੇ ਮਨਜੀਤ ਸਿੰਘ ਕੰਗ ਰਾਹੋਂ ਵਾਲਿਆਂ ਨੇ ਆਪਣੇ ਸ਼ਹਿਰਾਨਾ ਅੰਦਾਜ਼ ਨਾਲ ਕੀਤੀ। ਗ੍ਰਾਮ ਪੰਚਾਇਤ ਦੌਲਤਪੁਰ ਸਰਪੰਚ ਗੁਰਮੀਤ ਸਿੰਘ ਭਾਊ ਵੱਲੋ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅਤੇ ਪਰਮਜੀਤ ਸਿੰਘ ਢਿੱਲੋਂ ਦਾ ਵਿਸ਼ੇਸ਼ ਤੌਰ ਤੇ ਪੱਗਾਂ ਨਾਲ ਸਨਮਾਨ ਕੀਤਾ ਗਿਆ।

# ਪਾਣੀ ਦੀ ਹਰ ਬੂੰਦ ਬਚਾਉਣ ਲਈ ਕਿਸਾਨ ਆਧੁਨਿਕ ਸਿੰਚਾਈ ਤਕਨੀਕਾਂ ਅਪਣਾਉਣ : ਉਪ ਮੰਡਲ ਭੂਮੀ ਰੱਖਿਆ ਅਫਸਰ

**ਮਲੇਰਕੋਟਲਾ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਬਚਾਉਣ ਅਤੇ ਖੇਤੀਬਾੜੀ ਲਈ ਪਾਣੀ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਪੰਜਾਬ ਸਰਕਾਰ ਵੱਲੋਂ ਭੂਮੀ ਤੇ ਜਲ ਸੰਭਾਲ ਵਿਭਾਗ ਰਾਹੀਂ ਕਈ ਅਹਿਮ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਸਕੀਮਾਂ ਰਾਹੀਂ ਕਿਸਾਨਾਂ ਨੂੰ ਆਧੁਨਿਕ ਸਿੰਚਾਈ ਪ੍ਰਣਾਲੀਆਂ ਅਪਣਾਉਣ ਲਈ ਵਿੱਤੀ ਸਹਾਇਤਾ ਅਤੇ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜਾਣਕਾਰੀ ਦਿੰਦਿਆਂ ਉਪ ਮੰਡਲ ਭੂਮੀ ਰੱਖਿਆ ਅਫ਼ਸਰ ਨਵਪ੍ਰੀਤ ਕੁਮਾਰ ਨੇ ਦੱਸਿਆ ਕਿ ਨਹਿਰੀ ਮੋਗਿਆਂ ਤੋਂ ਖੇਤਾਂ ਤੱਕ ਪਾਣੀ ਦੀ ਬਿਹਤਰ ਪਹੁੰਚ ਲਈ ਅੰਡਰਗਰਾਊਂਡ ਆਰ.ਸੀ.ਸੀ. ਪਾਈਪਲਾਈਨ ਸਿਸਟਮ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਸਕੀਮ ਤਹਿਤ 100 ਫ਼ੀਸਦੀ ਸਬਸਿਡੀ ਦੀ ਵਿਵਸਥਾ ਹੈ। ਇਸ ਨਾਲ ਨਹਿਰੀ ਪਾਣੀ ਦੀ ਬਰਬਾਦੀ ਘਟਾਉਣ ਅਤੇ ਖੇਤਾਂ ਤੱਕ ਪਾਣੀ ਦੀ ਪ੍ਰਭਾਵਸ਼ਾਲੀ ਪਹੁੰਚ ਯਕੀਨੀ ਬਣਾਉਣ ਵਿੱਚ ਮਦਦ ਮਿਲਦੀ ਹੈ।



ਉਨ੍ਹਾਂ ਦੱਸਿਆ ਕਿ ਵਿਅਕਤੀਗਤ ਕਿਸਾਨ ਵੀ ਆਪਣੇ ਖੇਤਾਂ ਵਿੱਚ ਅੰਡਰਗਰਾਊਂਡ ਆਰ.ਸੀ.ਸੀ./ ਪੀ.ਵੀ.ਸੀ. ਪਾਈਪਲਾਈਨ ਸਿਸਟਮ ਲਗਵਾ ਸਕਦੇ ਹਨ, ਜਿਸ ਤਹਿਤ 50 ਫ਼ੀਸਦੀ ਸਬਸਿਡੀ ਮੁਹੱਈਆ ਕਰਵਾਈ ਜਾਂਦੀ ਹੈ। ਇਸੇ ਤਰ੍ਹਾਂ ਸਬਜ਼ੀਆਂ ਅਤੇ ਫਲਾਂ ਦੇ ਬਾਗਾਂ ਵਿੱਚ ਪਾਣੀ ਦੀ ਖਪਤ ਘਟਾਉਣ ਅਤੇ ਸਿੰਚਾਈ ਦੀ ਕੁਸ਼ਲਤਾ ਵਧਾਉਣ ਲਈ ਤੁਪਕਾ ਸਿੰਚਾਈ, ਫੁਹਾਰਾ ਸਿੰਚਾਈ ਅਤੇ ਰੇਨ ਗਨ (ਮਾਈਕਰੋ ਇਰੀਗੇਸ਼ਨ) ਦੀ ਸਹੂਲਤ ਉਪਲਬਧ ਹੈ। ਆਮ ਕਿਸਾਨਾਂ ਲਈ 80 ਫ਼ੀਸਦੀ ਤੱਕ, ਜਦਕਿ ਮਹਿਲਾ ਅਤੇ ਐਸ.ਸੀ. ਵਰਗ ਦੇ ਕਿਸਾਨਾਂ ਲਈ 90 ਫ਼ੀਸਦੀ ਤੱਕ ਸਬਸਿਡੀ ਦੀ ਵਿਵਸਥਾ ਕੀਤੀ ਗਈ ਹੈ। ਪਿੰਡਾਂ ਦੇ ਸਾਂਝੇ ਜਲ ਸਰੋਤਾਂ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ 2.5 ਏਕੜ ਜਾਂ ਇਸ ਤੋਂ ਵੱਧ ਰਕਬੇ ਵਾਲੇ ਛੱਪੜਾਂ ਤੋਂ ਸਿੰਚਾਈ ਲਈ ਸੌਰ ਊਰਜਾ ਮੋਟਰ ਆਧਾਰਿਤ ਪ੍ਰਣਾਲੀ ਵੀ ਮੁਹੱਈਆ ਕਰਵਾਈ ਜਾਂਦੀ ਹੈ। ਇਸ ਤਹਿਤ ਅੰਡਰਗਰਾਊਂਡ ਪੀ.ਵੀ.ਸੀ. ਪਾਈਪ ਲਾਈਨ ਰਾਹੀਂ ਛੱਪੜ ਦੇ ਪਾਣੀ ਨੂੰ ਸਿੰਚਾਈ ਲਈ ਵਰਤਿਆ ਜਾ ਸਕਦਾ ਹੈ ਅਤੇ 100 ਫ਼ੀਸਦੀ ਸਬਸਿਡੀ ਦੀ ਵਿਵਸਥਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪਾਣੀ ਦੀ ਸੰਭਾਲ ਅਤੇ ਧਰਤੀ ਹੇਠਲੇ ਪਾਣੀ ਦੇ ਰੀਚਾਰਜ ਲਈ ਰੂਫ਼ ਟਾਪ ਰੇਨ ਵਾਟਰ ਹਾਰਵੈਸਟਿੰਗ ਸਿਸਟਮ ਵੀ ਲਗਾਏ ਜਾ ਰਹੇ ਹਨ। ਪੱਕੀਆਂ ਛੱਤਾਂ ਤੋਂ ਇਕੱਠੇ ਹੋਣ ਵਾਲੇ ਬਰਸਾਤੀ ਪਾਣੀ ਨੂੰ ਧਰਤੀ ਵਿੱਚ ਰੀਚਾਰਜ ਕਰਕੇ ਪਾਣੀ ਦੇ ਕੁਦਰਤੀ ਸਰੋਤਾਂ ਨੂੰ ਮੁੜ ਭਰਨ ਵਿੱਚ ਸਹਾਇਤਾ ਮਿਲਦੀ ਹੈ। ਇਸ ਤੋਂ ਇਲਾਵਾ, ਜਿਨ੍ਹਾਂ ਘਰਾਂ ਵਿੱਚ ਪਾਣੀ ਦੇ ਨਿਕਾਸ ਦੀ ਉਚਿਤ ਵਿਵਸਥਾ ਨਹੀਂ ਹੈ, ਉੱਥੇ ਸੋਕ ਪਿੱਟਸ ਰਾਹੀਂ ਘਰੇਲੂ ਪਾਣੀ ਦੇ ਸੁਚੱਜੇ ਨਿਪਟਾਰੇ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ।

# ਸੂਬਾ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 598.75 ਲੱਖ ਦੇ ਸਟੇਟ ਐਕਸ਼ਨ ਪਲੈਨ ਨੂੰ ਪ੍ਰਵਾਨਗੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 2 ਸਤੰਬਰ**
**-ਹਰਮਨਪ੍ਰੀਤ ਕੌਰ-**

ਸੀਨੀਅਰ ਨਾਗਰਿਕਾਂ ਨੂੰ ਸਨਮਾਨ, ਸੁਰੱਖਿਆ ਅਤੇ ਬਿਹਤਰ ਜੀਵਨ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਰ ਵਿੱਚ ਸਟੇਟ ਐਕਸ਼ਨ ਪਲੈਨ ਫਾਰ ਸੀਨੀਅਰ ਸਿਟੀਜ਼ਨ (SAP) 2026-27 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉੱਚ ਪੱਧਰੀ ਸਟੇਕਹੋਲਡਰ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਸੀਨੀਅਰ ਨਾਗਰਿਕਾਂ ਦੀ ਸਿਹਤ ਸੰਭਾਲ, ਦੇਖਭਾਲ, ਸਮਾਜਿਕ ਸੁਰੱਖਿਆ, ਮਾਨਸਿਕ ਤੰਦਰੁਸਤੀ ਅਤੇ ਖੁਸ਼ਹਾਲ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਹੋਰ ਪ੍ਰਭਾਵਸ਼ਾਲੀ ਤਾਲਮੇਲ ਸਥਾਪਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।



ਇਸ ਮੌਕੇ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ 1 ਅਕਤੂਬਰ ਨੂੰ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਮੌਕੇ ਸ੍ਰੀ ਮੁਕਤਸਰ ਸਾਹਿਬ ਤੋਂ ਸੂਬਾ ਪੱਧਰੀ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸੀਨੀਅਰ ਨਾਗਰਿਕਾਂ ਪ੍ਰਤੀ ਸਤਿਕਾਰ, ਸਨਮਾਨ ਅਤੇ ਸੰਵੇਦਨਸ਼ੀਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੇਗੀ। ਇਸ ਦੇ ਨਾਲ-ਨਾਲ ਬਜ਼ੁਰਗਾਂ ਦੇ ਅਧਿਕਾਰਾਂ, ਭਲਾਈ ਸਕੀਮਾਂ ਅਤੇ ਸਿਹਤ ਸੇਵਾਵਾਂ ਸਬੰਧੀ ਜਾਗਰੂਕਤਾ ਫੈਲਾਉਣ ਦੇ ਨਾਲ ਪਰਿਵਾਰਾਂ, ਵਿਦਿਅਕ ਸੰਸਥਾਵਾਂ, ਨੌਜਵਾਨਾਂ, ਸਮਾਜਿਕ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਵੀ ਉਨ੍ਹਾਂ ਦੀ ਦੇਖਭਾਲ ਅਤੇ ਸਨਮਾਨ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ÷ਜਿਨ੍ਹਾਂ ਹੱਥਾਂ ਨੇ ਪਰਿਵਾਰਾਂ ਦੀ ਪਰਵਰਿਸ਼ ਕੀਤੀ ਅਤੇ ਸਮਾਜ ਦੀ ਨੀਂਹ ਮਜ਼ਬੂਤ ਕੀਤੀ, ਉਹ ਆਪਣੀ ਜ਼ਿੰਦਗੀ ਦੇ ਇਸ ਪੜਾਅ 'ਤੇ ਪਿਆਰ, ਸਤਿਕਾਰ, ਸੁਰੱਖਿਆ ਅਤੇ ਦੇਖਭਾਲ ਦੇ ਪੂਰੇ ਹੱਕਦਾਰ ਹਨ। ਬਜ਼ੁਰਗਾਂ ਦੀ ਸੇਵਾ ਸਿਰਫ਼ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।÷ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਸੀਨੀਅਰ ਨਾਗਰਿਕ ਨੂੰ ਬਿਹਤਰ ਸਿਹਤ ਸੇਵਾਵਾਂ, ਸਮਾਜਿਕ ਸੁਰੱਖਿਆ, ਭਾਵਨਾਤਮਕ ਸਹਾਰਾ ਅਤੇ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ।

ਮੰਤਰੀ ਨੇ ਦੱਸਿਆ ਕਿ ਸਟੇਟ ਐਕਸ਼ਨ ਪਲੈਨ ਨੂੰ ਲਾਗੂ ਕਰਨ ਲਈ ?598.75 ਲੱਖ ਦੀ ਵਿੱਤੀ ਵਿਵਸਥਾ ਕੀਤੀ ਗਈ ਹੈ। ਇਸ ਰਾਸ਼ੀ ਦੀ ਵਰਤੋਂ ਮੁਫ਼ਤ ਸਿਹਤ ਜਾਂਚ ਅਤੇ ਸਿਹਤ ਮੁਲਾਂਕਣ ਕੈਂਪ, ਅੱਖਾਂ ਦੀ ਜਾਂਚ ਅਤੇ ਲੋੜਵੰਦ ਸੀਨੀਅਰ ਨਾਗਰਿਕਾਂ ਦੀ ਕੈਟਰੇਕਟ ਸਰਜਰੀ, ਜੈਰੀਐਟ੍ਰਿਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ, ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ (ਪੀ.ਐੱਸ.ਡੀ.ਐੱਮ.) ਦੇ ਸਹਿਯੋਗ ਨਾਲ ਜੈਰੀਐਟ੍ਰਿਕ ਕੇਅਰਗਿਵਰਾਂ ਦੀ ਸਿਖਲਾਈ, ਡਿਜੀਟਲ ਅਤੇ ਵਿੱਤੀ ਸਾਖਰਤਾ, ਸਰਗਰਮ ਬਜ਼ੁਰਗ ਜੀਵਨ ਨੂੰ ਉਤਸ਼ਾਹਿਤ ਕਰਨ ਵਾਲੇ ਪ੍ਰੋਗਰਾਮਾਂ, ਜਾਗਰੂਕਤਾ ਮੁਹਿੰਮਾਂ, ਪੀੜ੍ਹੀਆਂ ਵਿਚਕਾਰ ਸਾਂਝ ਵਧਾਉਣ ਵਾਲੀਆਂ ਗਤੀਵਿਧੀਆਂ, ਮੀਡੀਆ ਜਾਗਰੂਕਤਾ ਅਤੇ ਹੋਰ ਭਲਾਈ ਪ੍ਰੋਗਰਾਮਾਂ 'ਤੇ ਕੀਤੀ ਜਾਵੇਗੀ।

ਡਾ. ਬਲਜੀਤ ਕੌਰ ਨੇ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਸੀਨੀਅਰ ਨਾਗਰਿਕਾਂ ਲਈ ਨਿਯਮਿਤ ਸਿਹਤ ਕੈਂਪ ਲਗਾਏ ਜਾਣ ਅਤੇ ਸਮੇਂ ਸਿਰ ਜਾਂਚ, ਇਲਾਜ, ਅੱਖਾਂ ਦੀ ਸੰਭਾਲ ਅਤੇ ਲੋੜ ਅਨੁਸਾਰ ਰੈਫਰਲ ਸੇਵਾਵਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਜੈਰੀਐਟ੍ਰਿਕ ਕੇਅਰ ਨੂੰ ਹੋਰ ਮਜ਼ਬੂਤ ਕਰਨ ਅਤੇ ਸਿਖਲਾਈ ਪ੍ਰਾਪਤ ਕੇਅਰਗਿਵਰਾਂ ਦੀ ਉਪਲਬਧਤਾ ਵਧਾਉਣ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ, ਤਾਂ ਜੋ ਬਜ਼ੁਰਗਾਂ ਨੂੰ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਮਿਆਰੀ, ਸੰਵੇਦਨਸ਼ੀਲ ਅਤੇ ਸਮੇਂ ਸਿਰ ਦੇਖਭਾਲ ਮਿਲ ਸਕੇ।

ਡਾ. ਬਲਜੀਤ ਕੌਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਸੀ ਤਾਲਮੇਲ ਅਤੇ ਪੂਰੀ ਵਚਨਬੱਧਤਾ ਨਾਲ ਸਟੇਟ ਐਕਸ਼ਨ ਪਲੈਨ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਅਤੇ ਸਮਾਂਬੱਧ ਢੰਗ ਨਾਲ ਲਾਗੂ ਕਰਨ। ਉਨ੍ਹਾਂ ਕਿਹਾ ਕਿ ਨਿਯਮਿਤ ਨਿਗਰਾਨੀ, ਜਵਾਬਦੇਹੀ ਅਤੇ ਵਿਭਾਗੀ ਤਾਲਮੇਲ ਹੀ ਇਸ ਯੋਜਨਾ ਦੀ ਸਫ਼ਲਤਾ ਦੀ ਕੁੰਜੀ ਹੋਣਗੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਹਰ ਯੋਗ ਸੀਨੀਅਰ ਨਾਗਰਿਕ ਤੱਕ ਇਨ੍ਹਾਂ ਭਲਾਈ ਸੇਵਾਵਾਂ ਦਾ ਲਾਭ ਪਹੁੰਚੇ।

# ਪੀਪੀਸੀਬੀ ਵੱਲੋਂ ਸਕੂਲੀ ਬੱਚਿਆਂ ਨੂੰ ਪਲਾਸਟਿਕ ਵੇਸਟ ਚੈਂਪੀਅਨ ਬਣਾਉਣ ਦੇ ਉਦੇਸ਼ ਨਾਲ ਪੰਜਾਬ ਪਲਾਸਟਿਕ ਚੈਂਪੀਅਨਜ਼ ਪ੍ਰੋਗਰਾਮ ਦੀ ਸ਼ੁਰੂਆਤ

**ਪਟਿਆਲਾ, 2 ਸਤੰਬਰ**
**-ਜੀ. ਐਸ. ਤੁੰਗ-**

ਪਲਾਸਟਿਕ ਕਚਰੇ ਸਬੰਧੀ ਜਾਗਰੂਕਤਾ ਅਤੇ ਸਰੋਤ ਪੱਧਰ 'ਤੇ ਇਸ ਨੂੰ ਵੱਖ-ਵੱਖ ਇਕੱਠਾ ਕਰਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਅੱਜ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ, ਫੀਲਖਾਨਾ, ਪਟਿਆਲਾ ਵਿਖੇ ਪੰਜਾਬ ਪਲਾਸਟਿਕ ਚੈਂਪੀਅਨਜ਼ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਉਦਘਾਟਨ ਮੌਕੇ ਪੀਪੀਸੀਬੀ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ: ਅਸੀਂ ਚਾਹੁੰਦੇ ਹਾਂ ਕਿ ਇਹ ਸਿਰਫ਼ ਇੱਕ ਮੁਕਾਬਲਾ ਜਾਂ ਦੋ ਹਫ਼ਤਿਆਂ ਦੀ ਇਕੱਠ ਮੁਹਿੰਮ ਬਣ ਕੇ ਨਾ ਰਹਿ ਜਾਵੇ। ਇਹ ਇੱਕ ਪ੍ਰਮੁੱਖ ਮਾਡਲ ਪਹਿਲਕਦਮੀ ਹੈ, ਜਿਸ ਰਾਹੀਂ ਅਸੀਂ ਇਹ ਦਰਸਾਉਣਾ ਚਾਹੁੰਦੇ ਹਾਂ ਕਿ ਅਰਥਪੂਰਨ ਵਾਤਾਵਰਣਕ ਵਿਹਾਰ ਵਿੱਚ ਬਦਲਾਅ ਦੀ ਸ਼ੁਰੂਆਤ ਸਾਡੇ ਸਕੂਲਾਂ ਤੋਂ ਹੋ ਸਕਦੀ ਹੈ। ਅੱਜ ਭਾਗ ਲੈ ਰਹੇ ਵਿਦਿਆਰਥੀਆਂ ਅਤੇ ਸਕੂਲਾਂ ਦੇ ਉਤਸ਼ਾਹ ਤੋਂ ਮੈਂ ਬਹੁਤ ਉਤਸ਼ਾਹਿਤ ਹਾਂ ਅਤੇ ਮੈਨੂੰ ਵਿਸ਼ਵਾਸ ਹੈ ਕਿ ਜੇਕਰ ਪਟਿਆਲਾ ਦੇ ਬੱਚੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਂਦੇ ਹਨ, ਤਾਂ ਇਹ ਹੋਰ ਰਾਜਾਂ ਲਈ ਵੀ ਇੱਕ ਮਿਸਾਲ ਬਣ ਸਕਦਾ ਹੈ।




ਜਿਕਰਯੋਗ ਹੈ ਕਿ ਇਹ ਪ੍ਰੋਗਰਾਮ ਸਕੂਲ-ਆਧਾਰਿਤ ਐਮਐਲਪੀ (ਮਲਟੀ-ਲੇਅਰਡ ਪਲਾਸਟਿਕ) ਵੇਸਟ ਇਕੱਠ ਮੁਕਾਬਲੇ ਵਜੋਂ ਚਲਾਇਆ ਜਾ ਰਿਹਾ ਹੈ। ਇਹ ਪ੍ਰੋਗਰਾਮ ਸਕੂਲਾਂ ਅਤੇ ਵਿਦਿਆਰਥੀਆਂ ਨੂੰ ਪਲਾਸਟਿਕ ਕਚਰੇ ਦੀਆਂ ਮੁਸ਼ਕਲ ਸ਼੍ਰੇਣੀਆਂ ਵਿੱਚੋਂ ਇੱਕ ਦੇ ਪ੍ਰਬੰਧਨ ਲਈ ਕੀਤੇ ਜਾ ਰਹੇ ਯਤਨਾਂ ਨਾਲ ਜੋੜਦਾ ਹੈ। ਐਮਐਲਪੀ ਅਤੇ ਹੋਰ ਲਚਕੀਲੀ ਪਲਾਸਟਿਕ ਪੈਕੇਜਿੰਗ—ਜਿਵੇਂ ਚਿਪਸ ਅਤੇ ਸਨੈਕ ਪੈਕਟ, ਬਿਸਕੁਟ ਅਤੇ ਕਨਫੈਕਸ਼ਨਰੀ ਰੈਪਰ, ਨੂਡਲ ਪੈਕਟ, ਸੈਸ਼ੇ ਅਤੇ ਇਸੇ ਤਰ੍ਹਾਂ ਦੀ ਹੋਰ ਪੈਕੇਜਿੰਗ, ਜਿਸ ਦੀ ਰੀਸਾਈਕਲਿੰਗ ਵੈਲਿਊ ਅਕਸਰ ਸੀਮਿਤ ਹੁੰਦੀ ਹੈ।



# ਗਲਤੀ ਨਾਲ ਵੀ ਵਿਰੋਧੀ ਧਿਰਾਂ ਨੂੰ ਵੋਟ ਦੇ ਦਿੱਤੀ ਤਾਂ ਇਹ ਲੋਕ ਭਲਾਈ ਸਕੀਮਾਂ ਬੰਦ ਕਰਵਾ ਦੇਣਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਖਰੜ, 2 ਸਤੰਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਧਿਰਾਂ ’ਤੇ ਤਿੱਖੇ ਹਮਲੇ ਕਰਦਿਆਂ ਕਾਂਗਰਸ ਅਤੇ ਅਕਾਲੀ ਦਲ ’ਤੇ ਪੰਜਾਬ ਨੂੰ ਸਿਉਂਕ ਵਾਂਗ ਅੰਦਰੋਂ ਖੋਖਲਾ ਕਰਨ ਦੇ ਦੋਸ਼ ਲਾਏ। ਉਨ੍ਹਾਂ ਕਿਹਾ ਕਿ ਅਕਾਲੀ ਦਲ ਸੂਬੇ ਨੂੰ ਲੁੱਟਣ ਲਈ ਇਕ ਵਾਰ ਫਿਰ ਭਾਜਪਾ ਨਾਲ ਹੱਥ ਮਿਲਾਉਣ ਲਈ ਤਰਲੋਮੱਛੀ ਹੋਇਆ ਪਿਆ ਹੈ। ਮੋਹਾਲੀ ਦੇ ਖਰੜ ਹਲਕੇ ਵਿੱਚ ’ਲੋਕ ਮਿਲਣੀ’ ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਸੱਤਾ ਹਥਿਆਉਣ ਲਈ ਲੜ ਰਹੀ ਹੈ, ਜਦਕਿ ਉਨ੍ਹਾਂ ਦੀ ਸਰਕਾਰ ਲੋਕਾਂ ਨੂੰ ਮਿਆਰੀ ਸਿੱਖਿਆ, ਸਿਹਤ ਸੰਭਾਲ, ਸੜਕਾਂ, ਬਿਜਲੀ ਅਤੇ ਪਾਣੀ ਮੁਹੱਈਆ ਕਰਵਾਉਣ ’ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ,ਗਲਤੀ ਨਾਲ ਵੀ ਵਿਰੋਧੀ ਧਿਰਾਂ ਨੂੰ ਦਿੱਤੀ ਵੋਟ ਸਾਰੀਆਂ ਲੋਕ-ਭਲਾਈ ਸਕੀਮਾਂ ਨੂੰ ਬੰਦ ਕਰਵਾ ਦੇਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ ਕਿ ਵਿਰੋਧੀ ਪਾਰਟੀਆਂ ਨੇ ਪੰਜਾਬ ਅਤੇ ਇਸ ਦੇ ਲੋਕਾਂ ਵਿਰੁੱਧ ਬਹੁਤ ਪਾਪ ਕੀਤੇ ਹਨ ਅਤੇ ਲੋਕ ਇਸ ਵਾਰ ਉਨ੍ਹਾਂ ਦੀ ਸਿਆਸੀ ਹੋਂਦ ਮਿਟਾ ਦੇਣਗੇ।

ਇੱਥੇ ਲੋਕ ਮਿਲਣੀ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਵਾਇਤੀ ਪਾਰਟੀਆਂ ਮੇਰੇ ਨਾਲ ਈਰਖਾ ਕਰਦੀਆਂ ਹਨ ਕਿਉਂਕਿ ਮੈਂ ਇੱਕ ਆਮ ਪਰਿਵਾਰ ਤੋਂ ਹਾਂ ਅਤੇ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਿਹਾ ਹਾਂ। ਇਹ ਨੇਤਾ ਹਮੇਸ਼ਾ ਮੰਨਦੇ ਸਨ ਕਿ ਸੂਬੇ ’ਤੇ ਰਾਜ ਕਰਨਾ ਉਨ੍ਹਾਂ ਦਾ ਰੱਬੀ ਹੱਕ ਹੈ, ਜਿਸ ਕਾਰਨ ਉਹ ਇਹ ਬਰਦਾਸ਼ਤ ਨਹੀਂ ਕਰ ਪਾ ਰਹੇ ਕਿ ਇੱਕ ਆਮ ਆਦਮੀ ਸੂਬੇ ਨੂੰ ਸੁਚੱਜੇ ਢੰਗ ਨਾਲ ਚਲਾ ਰਿਹਾ ਹੈ। ਉਨ੍ਹਾਂ ਨੇ ਲੰਮੇ ਸਮੇਂ ਤੱਕ ਲੋਕਾਂ ਨੂੰ ਮੂਰਖ ਬਣਾਇਆ, ਪਰ ਹੁਣ ਲੋਕ ਉਨ੍ਹਾਂ ਦੇ ਗੁੰਮਰਾਹਕੁੰਨ ਪ੍ਰਚਾਰ ਵਿੱਚ ਨਹੀਂ ਆ ਰਹੇ।

ਅਕਾਲੀ ਲੀਡਰਸ਼ਿਪ ’ਤੇ ਵਰ੍ਹਦਿਆਂ ਉਨ੍ਹਾਂ ਕਿਹਾ, ਜਿਸ ਅਕਾਲੀ ਲੀਡਰਸ਼ਿਪ ਨੇ ਸੂਬੇ ਭਰ ਵਿੱਚ ਬੇਅਦਬੀ ਕਰਵਾਈ, ਦੋਸ਼ੀਆਂ ਨਾਲ ਜੁੜੇ ਸਬੂਤਾਂ ਨੂੰ ਖ਼ਤਮ ਕੀਤਾ, ਨਿਰਦੋਸ਼ਾਂ ’ਤੇ ਗੋਲੀਬਾਰੀ ਦੇ ਹੁਕਮ ਦਿੱਤੇ ਅਤੇ ਹੋਰ ਕਈ ਪਾਪ ਕੀਤੇ, ਉਹ ਅੱਜ ਸੂਬੇ ਵਿੱਚ ਮੁੜ ਸੱਤਾ ਵਿੱਚ ਆਉਣ ਲਈ ਤੜਫ ਰਹੀ ਹੈ।

ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਅਕਾਲੀ ਲੀਡਰਸ਼ਿਪ ਸੂਬੇ ਨੂੰ ਲੁੱਟਣ ਲਈ ਭਾਜਪਾ ਨਾਲ ਹੱਥ ਮਿਲਾਉਣ ਲਈ ਤਰਲੇ ਮਾਰ ਰਹੀ ਹੈ, ਪਰ ਪੰਜਾਬ ਦੇ ਸੂਝਵਾਨ ਲੋਕ ਉਨ੍ਹਾਂ ਨੂੰ ਇੱਕ ਵਾਰ ਫਿਰ ਰੱਦ ਕਰਨਗੇ। ਸੂਬੇ ਦੇ ਸੂਝਵਾਨ ਲੋਕ ਉਨ੍ਹਾਂ ਨੂੰ ਮੁੜ ਬਾਹਰ ਦਾ ਰਸਤਾ



ਦਿਖਾਉਣਗੇ। ਪੰਜਾਬੀ ਅਕਾਲੀਆਂ ਅਤੇ ਭਾਜਪਾ ਨੂੰ ਉਨ੍ਹਾਂ ਦੇ ਪੰਜਾਬ ਅਤੇ ਇਸ ਦੇ ਲੋਕਾਂ ਵਿਰੁੱਧ ਕੀਤੇ ਪਾਪਾਂ ਕਾਰਨ ਸਿਆਸੀ ਗੁੰਮਨਾਮੀ ਵਿੱਚ ਭੇਜ ਦੇਣਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਵਾਰ-ਵਾਰ ਮਿਲੀ ਹਾਰ ਤੋਂ ਬੁਖਲਾ ਕੇ ਅਕਾਲੀ ਹੁਣ ਲੋਕਾਂ ਨੂੰ ਗੁੰਮਰਾਹ ਕਰਨ ਲਈ ਧਰਮ ਦੀ ਦੁਰਵਰਤੋਂ ਕਰ ਰਹੇ ਹਨ। ਉਹ ਸ੍ਰੀ ਹਜ਼ੂਰ ਸਾਹਿਬ ਵਿਖੇ ਸੁਖਬੀਰ ’ਤੇ ਹੋਏ ਹਮਲੇ ਤੋਂ ਹਮਦਰਦੀ ਬਟੋਰ ਕੇ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਵੀ ਕਰ ਰਹੇ ਹਨ। ਉਹ ਅਸਲ ਵਿੱਚ ਪੰਜਾਬ ਅਤੇ ਇਸ ਦੇ ਲੋਕਾਂ ਵਿਰੁੱਧ ਕੀਤੇ ਆਪਣੇ ਪਾਪਾਂ ਦੀ ਸਜ਼ਾ ਭੁਗਤ ਰਹੇ ਹਨ ਅਤੇ ਲੋਕ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰ ਸਕਦੇ। ਵਿਰੋਧੀ ਨੇਤਾਵਾਂ ’ਤੇ ਤਨਜ਼ ਕੱਸਦਿਆਂ ਉਨ੍ਹਾਂ ਕਿਹਾ, ਕੁਝ ਨੇਤਾ ਰਾਹੁਲ ਦੇ ਕੋਟੇ ਤੋਂ ਹਨ, ਕੁਝ ਮੋਦੀ ਦੇ ਅਤੇ ਕੁਝ ਅਮਿਤ ਸ਼ਾਹ ਦੇ ਕੋਟੇ ਤੋਂ ਹਨ, ਜਦਕਿ ਮੈਂ ਆਮ ਆਦਮੀ ਦੇ ਕੋਟੇ ਤੋਂ ਹਾਂ।

ਮੁੱਖ ਮੰਤਰੀ ਨੇ ਕਿਹਾ ਕਿ ਆਪ ਸਰਕਾਰ ਨੇ ਕਈ ਲੋਕ ਭਲਾਈ ਸਕੀਮਾਂ ਸ਼ੁਰੂ ਕੀਤੀਆਂ ਹਨ, ਜਿਸ ਕਾਰਨ ਪੰਜਾਬ ਦੇ ਲੋਕ ਉਨ੍ਹਾਂ ਦੀ ਸਰਕਾਰ ਨੂੰ ਪਿਆਰ ਕਰਦੇ ਹਨ। ਸਾਡੀ ਸਰਕਾਰ ਨੇ ਕਈ ਕਲਿਆਣਕਾਰੀ ਸਕੀਮਾਂ ਸ਼ੁਰੂ ਕੀਤੀਆਂ ਹਨ, ਜਿਸ ਕਾਰਨ ਸੂਬੇ ਦੇ ਲੋਕ ਮੈਨੂੰ ਪਿਆਰ ਕਰਦੇ ਹਨ। ਮੈਂ ਲੋਕਾਂ ਨੂੰ ਸੁਚੇਤ ਕਰਦਾ ਹਾਂ ਕਿ ਜੇਕਰ ਕੋਈ ਹੋਰ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ ਉਹ ਮੇਰੀ ਸਰਕਾਰ ਦੁਆਰਾ ਸ਼ੁਰੂ ਕੀਤੀਆਂ ਸਕੀਮਾਂ ਨੂੰ ਬੰਦ ਕਰ ਦੇਵੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਸੂਝਵਾਨ ਲੋਕਾਂ ਨੇ ਉਨ੍ਹਾਂ ਨੇਤਾਵਾਂ ਨੂੰ ਪਹਿਲਾਂ ਹੀ ਰੱਦ ਕਰ ਦਿੱਤਾ ਹੈ ਜੋ ਆਪਣੇ ਸੱਤਾ ਦੇ ਸਾਲਾਂ ਦੌਰਾਨ ਆਲੀਸ਼ਾਨ ਮਹਿਲਾਂ ਵਿੱਚ ਰਹੇ ਅਤੇ ਕਦੇ ਆਮ ਜਨਤਾ ਦੀ ਪ੍ਰਵਾਹ ਨਹੀਂ ਕੀਤੀ। ਜਿਹੜੇ ਦਾਅਵਾ ਕਰਦੇ ਸਨ ਕਿ ਉਹ 25 ਸਾਲ ਸੂਬੇ ’ਤੇ ਰਾਜ ਕਰਨਗੇ, ਲੋਕਾਂ ਨੇ ਉਨ੍ਹਾਂ ਨੂੰ ਸਿਆਸੀ ਗੁੰਮਨਾਮੀ ਵਿੱਚ ਭੇਜ ਦਿੱਤਾ ਹੈ। ਇੱਕ ਕਮੇਟੀ ਬਣਾਉਣ ਲਈ ਪੰਜ ਮੈਂਬਰ ਵੀ ਨਹੀਂ ਲੱਭ ਪਾ ਰਹੇ। ਸੂਬੇ ਦੇ ਬਹਾਦਰ ਲੋਕਾਂ ਨੇ ਅਜਿਹੇ ਭ੍ਰਿਸ਼ਟ ਅਤੇ ਹੰਕਾਰੀ ਨੇਤਾਵਾਂ ਨੂੰ ਉਨ੍ਹਾਂ ਦੇ ਮਾੜੇ ਕਾਰਨਾਮਿਆਂ ਲਈ ਕਰਾਰਾ ਸਬਕ ਸਿਖਾਇਆ ਹੈ।

ਕਾਂਗਰਸ ਪਾਰਟੀ ਦੀ ਅੰਦਰੂਨੀ ਫੁੱਟ ’ਤੇ ਚੁਟਕੀ ਲੈਂਦਿਆਂ ਉਨ੍ਹਾਂ ਕਿਹਾ, ਜਿੱਥੇ ਉਹ ਆਪਣੇ ਸਿਆਸੀ ਹਿੱਤਾਂ ਲਈ ਸੱਤਾ ਖ਼ਾਤਰ ਲੜ ਰਹੇ ਹਨ, ਉੱਥੇ ਹੀ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਮਿਹਨਤ ਕਰ ਰਹੀ ਹੈ। ਅਜਿਹੇ ਮੌਕਾਪ੍ਰਸਤ ਨੇਤਾਵਾਂ ਦੇ ਮੁਕਾਬਲੇ, ਅਸੀਂ ਆਪਸ ਵਿੱਚ ਨਹੀਂ ਲੜਦੇ ਸਗੋਂ ਰੰਗਲਾ ਪੰਜਾਬ ਬਣਾਉਣ ਲਈ ਅਣਥੱਕ ਯਤਨ ਕਰ ਰਹੇ ਹਾਂ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੀ ਅਸਲ ਲੜਾਈ ਪੰਜਾਬ ਦੀ ਭਲਾਈ ਅਤੇ ਤਰੱਕੀ ਲਈ ਹੈ। ਸੂਬੇ ਦੀ ਲੜਾਈ ਮਿਆਰੀ ਸਿੱਖਿਆ, ਚੰਗੀ ਸਿਹਤ ਅਤੇ ਹੋਰ ਭਲਾਈ ਸਕੀਮਾਂ ਲਈ ਹੈ। ਸੱਤਾ ਦੀ ਖ਼ਾਤਰ ਕਾਂਗਰਸੀ ਨੇਤਾ ਇੱਕ-ਦੂਜੇ ਨੂੰ ਦੇਖਣਾ ਵੀ ਪਸੰਦ ਨਹੀਂ ਕਰਦੇ।

ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਕੋਲ ਲੋਕਾਂ ਅਤੇ ਸੂਬੇ ਲਈ ਕੋਈ ਏਜੰਡਾ ਨਹੀਂ ਹੈ ਅਤੇ ਉਸ ਦਾ ਇੱਕੋ-ਇੱਕ ਮਕਸਦ ਸੱਤਾ ਹਾਸਲ ਕਰਨਾ ਅਤੇ ਪੰਜਾਬ ਦਾ ਸਰਮਾਇਆ ਲੁੱਟਣਾ ਹੈ। ਕਾਂਗਰਸ ਲੀਡਰਸ਼ਿਪ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ, ਉਨ੍ਹਾਂ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਕਾਂਗਰਸ ਪਾਰਟੀ ਇਕ ਖਿੰਡਿਆ ਹੋਇਆ ਘਰ ਹੈ ਜੋ ਉਨ੍ਹਾਂ ਦੀ ਆਪਸੀ ਲੜਾਈ ਕਾਰਨ ਢਹਿ ਢੇਰੀ ਹੋ ਜਾਵੇਗਾ।

ਉਨ੍ਹਾਂ ਕਿਹਾ ਕਿ ਇਹ ਅਫ਼ਸੋਸਜਨਕ ਹੈ ਕਿ ਆਪਸੀ ਧੜੇਬੰਦੀ ਨੂੰ ਖ਼ਤਮ ਕਰਨ ਆਏ ਸੀਨੀਅਰ ਕਾਂਗਰਸੀ ਨੇਤਾਵਾਂ ਨੂੰ ਇਹ ਵੀ ਨਹੀਂ ਪਤਾ ਸੀ ਕਿ ਉਨ੍ਹਾਂ ਨੇਤਾਵਾਂ ਦੇ ਨਾਮ ਦਾ ਉਚਾਰਨ ਕਿਵੇਂ ਕਰਨਾ ਹੈ ਜਿਨ੍ਹਾਂ ਦਾ ਉਹ ਸਮਝੌਤਾ ਕਰਵਾਉਣ ਦੀ ਕੋਸ਼ਿਸ਼ ਕਰ ਰਹੇ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਾਂਗਰਸ ਅਤੇ ਅਕਾਲੀ ਦਲ ਸਿਉਂਕ ਵਾਂਗ ਸਨ ਜਿਨ੍ਹਾਂ ਨੇ ਆਜ਼ਾਦੀ ਤੋਂ ਬਾਅਦ ਸੂਬੇ ਨੂੰ ਬਰਬਾਦ ਕੀਤਾ, ਜਿਸ ਕਾਰਨ ਪੰਜਾਬ ਤਰੱਕੀ ਦੇ ਰਾਹ ’ਤੇ ਪਿੱਛੇ ਰਹਿ ਗਿਆ। ਇਨ੍ਹਾਂ ਪਾਰਟੀਆਂ ਦੇ ਨੇਤਾ ਕਦੇ ਵੀ ਇੱਕ-ਦੂਜੇ ਦੇ ਖ਼ਿਲਾਫ਼ ਨਹੀਂ ਬੋਲਦੇ ਪਰ ਮੇਰੇ ਖ਼ਿਲਾਫ਼ ਰੋਜ਼ ਜ਼ਹਿਰ ਉਗਲਦੇ ਹਨ ਕਿਉਂਕਿ ਮੈਂ ਲੋਕਾਂ ਸਾਹਮਣੇ ਉਨ੍ਹਾਂ ਦਾ ਨਕਾਬ ਪੂਰੀ ਤਰ੍ਹਾਂ ਲਾਹ ਦਿੱਤਾ ਹੈ। ਇਹ ਉਹ ਗੱਦਾਰ ਸਨ ਜੋ ਕਦੇ ਵੀ ਪੰਜਾਬ ਅਤੇ ਇਸ ਦੇ ਲੋਕਾਂ ਦੇ ਵਫ਼ਾਦਾਰ ਨਹੀਂ ਰਹੇ।

# ਦੋਲੋਂ ਕਲਾਂ ’ਚ ਗੰਦੇ ਪਾਣੀ ਦੀ ਸਮੱਸਿਆ ਗੰਭੀਰ, SC ਪਰਿਵਾਰਾਂ ਦੇ ਘਰਾਂ ਅੱਗੇ ਬਣੇ ਨਰਕ ਵਰਗੇ ਹਾਲਾਤ



**ਲੁਧਿਆਣਾ, 2 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਹਲਕਾ ਗਿੱਲ ਦੇ ਪਿੰਡ ਦੋਲੋਂ ਕਲਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਖ਼ਾਸ ਕਰਕੇ SC ਪਰਿਵਾਰਾਂ ਦੇ ਘਰਾਂ ਅੱਗੇ ਗਲੀਆਂ-ਸੜਕਾਂ ’ਤੇ ਗੰਦਾ ਪਾਣੀ ਖੜ੍ਹਾ ਹੈ, ਜਦਕਿ ਪਿੰਡ ਦਾ ਖੇਡ ਮੈਦਾਨ ਵੀ ਛੱਪੜ ਬਣ ਚੁੱਕਾ ਹੈ। ਇਸ ਕਾਰਨ ਲੋਕਾਂ ਦਾ ਘਰਾਂ ਤੋਂ ਬਾਹਰ ਨਿਕਲਣਾ ਮੁਸ਼ਕਲ ਹੋ ਗਿਆ ਹੈ ਅਤੇ ਬਿਮਾਰੀਆਂ ਦਾ ਖ਼ਤਰਾ ਬਣਿਆ ਹੋਇਆ ਹੈ।

ਭਾਜਪਾ ਲੁਧਿਆਣਾ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਸ. ਗਗਨਦੀਪ ਸਿੰਘ ਸੰਨੀ ਕੈਂਥ ਨੇ ਪਿੰਡ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਕਈ ਵਾਰ ਸੂਚਿਤ ਕਰਨ ਦੇ ਬਾਵਜੂਦ ਸਮੱਸਿਆ ਦਾ ਸਥਾਈ ਹੱਲ ਨਹੀਂ ਕੀਤਾ ਗਿਆ।

ਸੰਨੀ ਕੈਂਥ ਨੇ ਪ੍ਰਸ਼ਾਸਨ ਨੂੰ ਤੁਰੰਤ ਗੰਦੇ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰਨ ਦੀ ਮੰਗ ਕਰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਜਲਦ ਹੱਲ ਨਾ ਕੀਤਾ ਗਿਆ ਤਾਂ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਧਰਨਾ ਦਿੱਤਾ ਜਾਵੇਗਾ।

# ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਉਤੇ ਚੱਲਿਆ ਜਾਵੇ : ਚੀਫ਼ ਵਿੱਪ ਬਲਜਿੰਦਰ ਕੌਰ

**ਬਠਿੰਡਾ, 2 ਸਤੰਬਰ**
**-ਗੁਰਤੇਜ ਅਤਲਾ-**

ਸਰੀ ਗੁਰੂ ਰਵਿਦਾਸ ਜੀ ਦੇ ਦਰਸਾਏ ਮਾਰਗ ਉੱਤੇ ਚੱਲ ਕੇ ਅਸੀਂ ਸਾਰੇ ਆਪਣਾ ਜੀਵਨ ਨਿਹਾਲ ਕਰ ਸਕਦੇ ਹਾਂ। ਉਨ੍ਹਾਂ ਦੇ ਫਲਸਫੇ ਉੱਤੇ ਚਲਦਿਆਂ ਪੰਜਾਬ ਸਰਕਾਰ ਹਰ ਧਰਮ ਦਾ ਸਤਿਕਾਰ ਕਰਦਿਆਂ ਸੂਬੇ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਨਾਲ ਲੈ ਕੇ ਕੰਮ ਕਰ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਤਲਵੰਡੀ ਸਾਬੋ ਤੇ ਪਾਰਟੀ ਚੀਫ਼ ਵਿੱਪ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਵਿਸ਼ੇਸ਼ ਡਰੋਨ ਸ਼ੋਅ ਪ੍ਰੋਗਰਾਮ ਦੌਰਾਨ ਕੀਤਾ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ਰਧਾਲੂਆਂ ਲਈ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਨੂੰ ਸੁਖਾਲਾ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ।

# ਅਮਨ ਅਰੋੜਾ ਵੱਲੋਂ 300 ਸਰਕਾਰੀ ਸੇਵਾਵਾਂ ਲਈ ਏਕੀਕ੍ਰਿਤ ਪੋਰਟਲ ਡਿਜੀ ਪੰਜਾਬ ਲਾਂਚ

➢ ਅਗਲੇ ਦੋ ਮਹੀਨਿਆਂ ਵਿੱਚ ਸਾਰੀਆਂ 800 ਤੋਂ ਵੱਧ ਸਰਕਾਰੀ ਸੇਵਾਵਾਂ ਇਸ ਪੋਰਟਲ ਨਾਲ ਜੋੜ ਦਿੱਤੀਆਂ ਜਾਣਗੀਆਂ: ਅਮਨ ਅਰੋੜਾ ➢ ਸੁਚੱਜਾ ਸ਼ਾਸਨ ਮੇਰਾ ਮਿਸ਼ਨ, ਇਹ ਪੋਰਟਲ ਬਿਨਾਂ ਕਿਸੇ ਖੱਜਲ-ਖ਼ੁਆਰੀ ਅਤੇ ਸਿਫ਼ਾਰਸ਼ ਦੇ ਲੋਕਾਂ ਲਈ ਸਮਾਂਬੱਧ ਸੇਵਾਵਾਂ ਯਕੀਨੀ ਬਣਾਏਗਾ ➢ ਹਰੇਕ ਸੇਵਾ ਲਈ ਸਮਾਂ-ਸੀਮਾ ਤੈਅ, ਦੇਰੀ ਦੀ ਸੂਰਤ ਵਿੱਚ ਸਬੰਧਤ ਅਧਿਕਾਰੀ ਨੂੰ ਭੁਗਤਣੇ ਪੈਣਗੇ ਨਤੀਜੇ

**ਚੰਡੀਗੜ੍ਹ 2 ਸਤੰਬਰ**
**-ਛਤਰਪਾਲ ਸਿੰਘ-**

ਪਾਰਦਰਸ਼ੀ ਅਤੇ ਨਾਗਰਿਕ-ਕੇਂਦਰਿਤ ਸ਼ਾਸਨ ਵੱਲ ਇੱਕ ਵੱਡਾ ਕਦਮ ਚੁੱਕਦਿਆਂ ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ’Digi.Punjab.gov.in’ ਪੋਰਟਲ ਲਾਂਚ ਕੀਤਾ ਹੈ। ਇਹ ਇੱਕ ਅਜਿਹਾ ਏਕੀਕ੍ਰਿਤ ਡਿਜੀਟਲ ਪੋਰਟਲ ਹੈ ਜਿਸ ‘ਤੇ 12 ਵਿਭਾਗਾਂ ਦੀਆਂ 300 ਤੋਂ ਵੱਧ ਸਰਕਾਰੀ ਸੇਵਾਵਾਂ ਇੱਕੋ ਪਲੇਟਫਾਰਮ ’ਤੇ ਉਪਲਬਧ ਹਨ, ਜਿਸ ਨਾਲ ਵੱਖ-ਵੱਖ ਪੋਰਟਲਾਂ ‘ਤੇ ਜਾਣ, ਦਸਤੀ ਫਾਈਲਾਂ ਦੇਣ ਅਤੇ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਗੇੜੇ ਲਗਾਉਣ ਦੀ ਲੋੜ ਨਹੀਂ ਪਵੇਗੀ।



ਇੱਥੇ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਮੈਗਸੀਪਾ) ਵਿਖੇ ਪੋਰਟਲ ਲਾਂਚ ਕਰਨ ਉਪਰੰਤ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪਹਿਲੇ ਪੜਾਅ ਤਹਿਤ ਨਾਗਰਿਕ ਹੁਣ ਕਈ ਵਿਭਾਗਾਂ ਨਾਲ ਸਬੰਧਤ 300 ਤੋਂ ਵੱਧ ਜ਼ਰੂਰੀ ਜਨਤਕ ਸੇਵਾਵਾਂ ਤੱਕ ਆਸਾਨੀ ਨਾਲ ਪਹੁੰਚ ਕਰ ਸਕਦੇ ਹਨ। ਮੁੱਖ ਸੇਵਾਵਾਂ ਵਿੱਚ ਸਿਹਤ ਵਿਭਾਗ ਨਾਲ ਸਬੰਧਤ ਦਸਤਾਵੇਜ਼ ਜਿਵੇਂ ਕਿ ਜਨਮ ਅਤੇ ਮੌਤ ਸਰਟੀਫਿਕੇਟ, ਮੈਡੀਕਲ ਫਿਟਨੈਸ ਸਰਟੀਫਿਕੇਟ, ਗ੍ਰਹਿ ਮਾਮਲਿਆਂ ਦੀਆਂ ਸੇਵਾਵਾਂ ਜਿਵੇਂ ਕਿ ਅਸਲਾ ਲਾਇਸੰਸ ਜਾਰੀ ਕਰਨਾ ਅਤੇ ਨਵਿਆਉਣਾ ਅਤੇ ਵਿਆਹ ਦੀ ਰਜਿਸਟ੍ਰੇਸ਼ਨ ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ ਨਾਗਰਿਕ ਲੇਬਰ ਵੈਲਫੇਅਰ ਸਕੀਮਾਂ, ਸਥਾਨਕ ਸਰਕਾਰਾਂ ਦੀਆਂ ਜਾਇਦਾਦਾਂ ਦੇ ਤਬਾਦਲੇ, ਮੈਡੀਕਲ ਸਿੱਖਿਆ ਰਜਿਸਟ੍ਰੇਸ਼ਨਾਂ, ਪੁਲਿਸ ਵੈਰੀਫਿਕੇਸ਼ਨ ਸੇਵਾਵਾਂ (ਜਿਵੇਂ ਕਿ ਕਿਰਾਏਦਾਰ ਅਤੇ ਨੌਕਰ ਦੀ ਜਾਂਚ), ਮਾਲ ਵਿਭਾਗ ਦੇ ਸਰਟੀਫਿਕੇਟ (ਜਿਵੇਂ ਕਿ ਆਮਦਨ, ਰਿਹਾਇਸ਼, ਅਤੇ ਪੱਛੜੇ ਖੇਤਰ ਦੇ ਸਰਟੀਫਿਕੇਟ), ਸਮਾਜਿਕ ਨਿਆਂ ਵਿਭਾਗ ਦੇ ਜਾਤੀ ਸਰਟੀਫਿਕੇਟ, ਸਮਾਜਿਕ ਸੁਰੱਖਿਆ ਪੈਨਸ਼ਨਾਂ, ਅਤੇ ਪਾਣੀ ਦੇ ਕੁਨੈਕਸ਼ਨ ਦੀ ਮਨਜ਼ੂਰੀ ਦਾ ਲਾਭ ਉਠਾ ਸਕਦੇ ਹਨ। ਇਹ ਪੋਰਟਲ, ਜਿਸ ‘ਤੇ ਅਗਲੇ ਦੋ ਮਹੀਨਿਆਂ ਵਿੱਚ ਸਾਰੀਆਂ 800 ਤੋਂ ਵੱਧ ਸਰਕਾਰੀ ਸੇਵਾਵਾਂ ਉਪਲਬਧ ਹੋਣਗੀਆਂ, ਹਰੇਕ ਅਰਜ਼ੀ ਲਈ ਇੱਕ ਸਮਾਂ-ਸੀਮਾ ਨਿਰਧਾਰਤ ਕਰਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ, ਉੱਪਰ ਤੋਂ ਲੈ ਕੇ ਹੇਠਾਂ ਤੱਕ ਹਰੇਕ ਅਧਿਕਾਰੀ ਲਈ ਸਪੱਸ਼ਟ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਹੈ। ਕਿਸੇ ਵੀ ਦੇਰੀ ਦਾ ਅਸਰ ਉਨ੍ਹਾਂ ਦੇ ਰਿਕਾਰਡ ’ਤੇ ਦਿਖਾਈ ਦੇਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭ੍ਰਿਸ਼ਟਾਚਾਰ ਉੱਥੇ ਹੀ ਹੁੰਦਾ ਹੈ ਜਿੱਥੇ ਕੋਈ ਜਵਾਬਦੇਹੀ ਜਾਂ ਪਾਰਦਰਸ਼ਤਾ ਨਹੀਂ ਹੁੰਦੀ, ਅਤੇ ਇਹ ਪ੍ਰਣਾਲੀ ਇਨ੍ਹਾਂ ਦੋਵਾਂ ਕਾਰਵਾਈਆਂ ’ਤੇ ਲਗਾਮ ਲਗਾਏਗੀ। ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨਾਲੋਜੀ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸੁਸ਼ਾਸਨ ਦਾ ਮਤਲਬ ਹੈ ਕਿ ਆਮ ਆਦਮੀ ਨੂੰ ਬਿਨਾਂ ਕਿਸੇ ਖੱਜਲ-ਖੁਆਰੀ ਜਾਂ ਰਿਸ਼ਵਤ ਦੇ ਸੇਵਾਵਾਂ ਮਿਲਣ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਸਿਧਾਂਤ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵਾਂ ਪੋਰਟਲ ਲਾਲ ਫੀਤਾਸ਼ਾਹੀ ਦੀਆਂ ਰੁਕਾਵਟਾਂ ਨੂੰ ਦੂਰ ਕਰਨ ਅਤੇ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣ ਲਈ ਰੀਅਲ-ਟਾਈਮ ਟਰੈਕਿੰਗ ਅਤੇ ਇੱਕ ਮਜ਼ਬੂਤ ਜਵਾਬਦੇਹੀ ਵਿਧੀ ਨਾਲ ਸੇਵਾਵਾਂ ਦੀ ਮੁਕੰਮਲ ਡਿਜੀਟਾਈਜ਼ੇਸ਼ਨ ਨੂੰ ਯਕੀਨੀ ਬਣਾਉਂਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ, ਮੈਨੂੰ ਯਾਦ ਹੈ, ਬਹੁਤਾ ਸਮਾਂ ਪਹਿਲਾਂ ਦੀ ਗੱਲ ਨਹੀਂ, ਜਦੋਂ ਮੈਂ ਲੋਕਾਂ ਵਿਚਕਾਰ ਬੈਠਦਾ ਸੀ ਤਾਂ ਵਾਰ-ਵਾਰ ਇਹੀ ਸ਼ਿਕਾਇਤਾਂ ਸੁਣਨ ਨੂੰ ਮਿਲਦੀਆਂ ਸਨ—’ਸਰ, ਪਤਾ ਨਹੀਂ ਫਾਈਲ ਕਿੱਥੇ ਅਟਕੀ ਹੈ’, ’ਤੀਜੀ ਵਾਰ ਗੇੜਾ ਲਗਾ ਰਿਹਾ ਹਾਂ’। ਅੱਜ ਮੈਨੂੰ ਇਹ ਕਹਿੰਦਿਆਂ ਖ਼ੁਸ਼ੀ ਹੋ ਰਹੀ ਹੈ ਕਿ ਅਸੀਂ ਉਨ੍ਹਾਂ ਸ਼ਿਕਾਇਤਾਂ ਦਾ ਜਵਾਬ ਫੋਕੇ ਵਾਅਦਿਆਂ ਨਾਲ ਨਹੀਂ, ਸਗੋਂ ਇੱਕ ਪੋਰਟਲ ਨਾਲ ਦੇ ਰਹੇ ਹਾਂ।

ਸ੍ਰੀ ਅਮਨ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਡਿਜੀ ਪੰਜਾਬ ਸਿਰਫ਼ ਇੱਕ ਆਈ.ਟੀ. ਪ੍ਰੋਜੈਕਟ ਨਹੀਂ ਹੈ, ਸਗੋਂ ਇਹ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਫਾਈਲਾਂ ਨਾਲੋਂ ਨਾਗਰਿਕਾਂ ਨੂੰ ਪਹਿਲ ਦੇਣ ਦੇ ਸਾਂਝੇ ਸੰਕਲਪ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ, ਦਿਹਾੜੀਦਾਰ ਮਜ਼ਦੂਰ ਨੂੰ ਹੁਣ ਸਰਟੀਫਿਕੇਟ ਲੈਣ ਲਈ ਆਪਣੀ ਦਿਹਾੜੀ ਭੰਨਣ ਦੀ ਲੋੜ ਨਹੀਂ ਪਵੇਗੀ। ਸਰਹੱਦੀ ਪਿੰਡ ਦੇ ਇੱਕ ਵਿਦਿਆਰਥੀ ਨੂੰ ਵੀ ਉਹੀ ਪਹੁੰਚ ਮਿਲੇਗੀ ਜੋ ਚੰਡੀਗੜ੍ਹ ਵਿੱਚ ਬੈਠੇ ਕਿਸੇ ਵਿਅਕਤੀ ਨੂੰ ਮਿਲਦੀ ਹੈ। ਉਨ੍ਹਾਂ ਕਿਹਾ ਕਿ ਹੁਣ ਹਰ ਅਰਜ਼ੀ ਨੂੰ ਟਰੈਕ ਕੀਤਾ ਜਾਵੇਗਾ, ਸਮਾਂ-ਸੀਮਾ ਤੈਅ ਕੀਤੀ ਜਾਵੇਗੀ ਅਤੇ ਸਬੰਧਤ ਮੁਲਾਜ਼ਮ ਨੂੰ ਜਵਾਬਦੇਹ ਬਣਾਇਆ ਜਾਵੇਗਾ ਅਤੇ ਹੁਣ ਕੋਈ ਵੀ ਅਜਿਹੀ ਫਾਈਲ ਇੰਝ ਹੀ ’ਗੁੰਮ’ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਜਿੱਥੇ ਤਕਨਾਲੋਜੀ ਨਹੀਂ ਪਹੁੰਚ ਸਕਦੀ, ਸਾਡੇ ਸੇਵਾ ਕੇਂਦਰ ਅਤੇ ਡੋਰਸਟੈੱਪ ਡਿਲੀਵਰੀ ਸੇਵਾ 1076 ਇੱਕ ਪੁਲ ਵਜੋਂ ਕੰਮ ਕਰਨਾ ਜਾਰੀ ਰੱਖਣਗੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਹਿਲਾਂ ਵਾਲੀ ਉਲਝਣਤਾਣੀ ਵਾਲੀ ਪ੍ਰਣਾਲੀ ਕਾਰਨ ਨਾਗਰਿਕਾਂ ਨੂੰ ਵੱਖ-ਵੱਖ ਪੋਰਟਲਾਂ ਕਰਕੇ ਮੁਸ਼ਕਲਾਂ ਵਿੱਚੋਂ ਗੁਜ਼ਰਨਾ ਪੈਂਦਾ ਸੀ, ਲੰਬੀਆਂ ਕਤਾਰਾਂ ਵਿੱਚ ਖੜ੍ਹਨਾ ਪੈਂਦਾ ਸੀ ਅਤੇ ਵੱਖੋ-ਵੱਖ ਪ੍ਰਣਾਲੀਆਂ ਤੇ ਦਸਤੀ ਕਾਗ਼ਜ਼ੀ ਕਾਰਵਾਈਆਂ ਲਈ ਏਜੰਟਾਂ ’ਤੇ ਨਿਰਭਰ ਰਹਿਣਾ ਪੈਂਦਾ ਸੀ, ਜਿਸ ਨੂੰ ਇਹ ਨਵਾਂ ਸ਼ਾਸਨ ਮਾਡਲ ਪੂਰੀ ਤਰ੍ਹਾਂ ਖ਼ਤਮ ਕਰ ਦੇਵੇਗਾ। ਉਨ੍ਹਾਂ ਅੱਗੇ ਕਿਹਾ ਕਿ ਨਾਗਰਿਕਾਂ ਲਈ ਇਹ ਰੀਅਲ-ਟਾਈਮ ਟਰੈਕਿੰਗ ਵਾਲਾ ਇੱਕ ਮੋਬਾਈਲ-ਪੱਖੀ ਇੰਟਰਫੇਸ ਪੇਸ਼ ਕਰਦਾ ਹੈ, ਜੋ ਵਿਚੋਲਗੀ ਅਤੇ ਭ੍ਰਿਸ਼ਟਾਚਾਰ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਖ਼ਤਮ ਕਰਦਾ ਹੈ। ਇਸੇ ਤਰ੍ਹਾਂ ਅਧਿਕਾਰੀਆਂ ਲਈ, ਇਹ ਦਫ਼ਤਰੀ ਕੰਮਕਾਜ ਨੂੰ ਸੁਚਾਰੂ ਬਣਾਉਂਦਾ ਹੈ, ਫਾਈਲਾਂ ਦੇ ਬੋਝ ਨੂੰ ਘਟਾਉਂਦਾ ਹੈ, ਅਤੇ ਉਨ੍ਹਾਂ ਨੂੰ ਵਾਰ-ਵਾਰ ਕਾਗ਼ਜ਼ੀ ਕਾਰਵਾਈ ਦੀ ਥਾਂ ਲੋਕਾਂ ਦੀ ਸੇਵਾ ’ਤੇ ਧਿਆਨ ਕੇਂਦਰਿਤ ਕਰਨ ਦੇ ਯੋਗ ਬਣਾਉਂਦਾ ਹੈ।

ਇਸ ਪਹਿਲਕਦਮੀ ਲਈ ਮਜ਼ਬੂਤ ਤਿਆਰੀਆਂ ’ਤੇ ਚਾਨਣਾ ਪਾਉਂਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਸੂਬੇ ਨੇ ’ਮਾਵਾਂ-ਧੀਆਂ ਸਤਿਕਾਰ ਸਕੀਮ’ ਨੂੰ ਡਿਜੀਟਾਈਜ਼ ਕੀਤਾ ਹੈ ਜਿਸ ਤਹਿਤ 76 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਕਵਰ ਕੀਤਾ ਗਿਆ ਹੈ ਅਤੇ ਐਸ.ਐਮ.ਐਸ. ਤੇ ਵਟਸਐਪ ਰਾਹੀਂ 2 ਕਰੋੜ ਤੋਂ ਵੱਧ ਕਿਊ.ਆਰ.-ਕੋਡ ਵਾਲੇ ਸਰਟੀਫਿਕੇਟ ਡਿਲੀਵਰ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ 45,000 ਤੋਂ ਵੱਧ ਪਟਵਾਰੀਆਂ, ਸਰਪੰਚਾਂ ਅਤੇ ਕੌਂਸਲਰਾਂ ਨੇ ਸਿੱਧੇ ਆਪਣੇ ਮੋਬਾਈਲ ਫ਼ੋਨਾਂ ਤੋਂ ਇੱਕ ਕਰੋੜ ਤੋਂ ਵੱਧ ਅਰਜ਼ੀਆਂ ਦਾ ਨਿਪਟਾਰਾ ਕੀਤਾ ਹੈ।

ਉਨ੍ਹਾਂ ਕਿਹਾ, ਬਿਹਤਰ ਸ਼ਾਸਨ ਮੇਰਾ ਮਿਸ਼ਨ ਹੈ। ਇਹ ਸਿਰਫ਼ ਤਕਨਾਲੋਜੀ ਬਾਰੇ ਨਹੀਂ ਹੈ, ਇਹ ਸਰਕਾਰੀ ਸਿਸਟਮ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਬਾਰੇ ਹੈ ਅਤੇ ਅਸੀਂ ਉਨ੍ਹਾਂ ਨੂੰ ਬਿਲਕੁਲ ਇਹੀ ਦੇ ਰਹੇ ਹਾਂ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਇਸ ਪੋਰਟਲ ਤੋਂ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਅਫ਼ਸਰਸ਼ਾਹੀ ਨੂੰ ਸੁਨੇਹਾ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ, ਮੈਂ ਇੱਥੇ ਮੌਜੂਦ ਹਰੇਕ ਅਧਿਕਾਰੀ ਨੂੰ ਸਪੱਸ਼ਟ ਕਰ ਦੇਵਾਂ ਕਿ ਇਹ ਪੋਰਟਲ ਤਾਂ ਹੀ ਸਫ਼ਲ ਹੋਵੇਗਾ ਜੇਕਰ ਤੁਸੀਂ ਇਸ ਨੂੰ ਸਫ਼ਲ ਬਣਾਓਗੇ। ਇਸ ਲਈ ਆਪਣੇ ਸਟਾਫ਼ ਨੂੰ ਢੁਕਵੀਂ ਸਿਖਲਾਈ ਦਿਓ, ਨਾਗਰਿਕਾਂ ਦੀ ਸਹਾਇਤਾ ਕਰੋ ਅਤੇ ਇਸ ਪੋਰਟਲ ’ਤੇ ਪ੍ਰਾਪਤ ਹੋਣ ਵਾਲੀ ਹਰ ਅਰਜ਼ੀ ਨੂੰ ਆਪਣੇ ਪਰਿਵਾਰ ਦੀ ਅਰਜ਼ੀ ਸਮਝੋ।

ਇਸ ਪੋਰਟਲ ਲਾਂਚ ਸਮਾਗਮ ਵਿੱਚ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਮੁੱਖ ਕਮਿਸ਼ਨਰ ਸ੍ਰੀ ਵੀ.ਕੇ. ਜੰਜੂਆ, ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨਾਲੋਜੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਡੀ.ਕੇ. ਤਿਵਾੜੀ, ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਅਤੇ ਹੋਰਨਾਂ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਸ਼ਾਮਲ ਸਨ।

# ਤੱਗੜ ਵੱਲੋਂ ਕੀਤੇ ਐਲਾਨ ਅਨੁਸਾਰ ਸੀਪੀਆਈ (ਐਮ) ਨੂੰ ਇਕ ਲੱਖ ਰੁਪਏ ਦੀ ਸਹਾਇਤਾ

**ਜਲੰਧਰ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਪੀਆਈ (ਐਮ) ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਕਾਮਰੇਡ ਲਹਿੰਬਰ ਸਿੰਘ ਤੱਗੜ ਤੇ ਬੀਬੀ ਗੁਰਪਰਮਜੀਤ ਕੌਰ ਤੱਗੜ ਵੱਲੋਂ ਪਾਰਟੀ ਨੂੰ ਹਰ ਸਾਲ ਇਕ ਲੱਖ ਰੁਪਏ ਦੀ ਸਹਾਇਤਾ ਕਰਨ ਦੇ ਐਲਾਨ ਅਨੁਸਾਰ ਅੱਜ ਸੀਪੀਆਈ(ਐਮ) ਦੇ ਅਕਾਊਂਟ ਵਿੱਚ ਇਕ ਲੱਖ ਰੁਪਏ ਭੇਜ ਦਿੱਤੇ ਗਏ ਹਨ। ਸੀਪੀਆਈ(ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵੱਲੋਂ ਇਸ ਸਹਾਇਤਾ ਲਈ ਤੱਗੜ ਪਰਿਵਾਰ ਦੀ ਸ਼ਲਾਘਾ ਅਤੇ ਧੰਨਵਾਦ ਕੀਤਾ ਗਿਆ ਹੈ।

ਕਾਮਰੇਡ ਸੇਖੋਂ ਦੱਸਿਆ ਕਿ 2024 ਵਿੱਚ ਪਾਰਟੀ ਦੀ ਜਲੰਧਰ ਵਿਖੇ ਹੋਈ ਸੂਬਾ ਕਾਨਫਰੰਸ ਦੇ ਮੌਕੇ ਤੇ ਤੱਗੜ ਪਰਿਵਾਰ ਵੱਲੋਂ ਪਾਰਟੀ ਨੂੰ ਤਿੰਨ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਸੀ ਅਤੇ ਨਾਲ ਹੀ ਇਹ ਐਲਾਨ ਵੀ ਕੀਤਾ ਗਿਆ ਸੀ ਕਿ ਪਰਿਵਾਰ ਵੱਲੋਂ ਹਰ ਸਾਲ ਪਾਰਟੀ ਨੂੰ ਇੱਕ ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਇਆ ਕਰੇਗੀ। ਇਸ ਮੌਕੇ ਤੇ ਕਾਮਰੇਡ ਸੇਖੋਂ ਨੇ ਸਮੂੰਹ ਪਾਰਟੀ ਮੈਂਬਰਾਂ, ਹਮਦਰਦਾਂ, ਪ੍ਰਸ਼ੰਸਕਾਂ ਅਤੇ ਦੋਸਤਾਂ ਨੂੰ ਵੀ ਪਾਰਟੀ ਨੂੰ ਵੱਧ ਚੜ੍ਹ ਕੇ ਆਰਥਿਕ ਸਹਾਇਤਾ ਦੇਣ ਦੀ ਅਪੀਲ ਕੀਤੀ ਹੈ। ਇਸ ਮੌਕੇ ਤੇ ਕਾਮਰੇਡ ਤੱਗੜ ਵੱਲੋਂ ਵੀ ਕਿਹਾ ਗਿਆ ਕਿ ਕਮਿਊਨਿਸਟ ਪਾਰਟੀਆਂ ਹਮੇਸ਼ਾਂ ਪਾਰਟੀ ਸਾਥੀਆਂ ਅਤੇ ਸਹਿਯੋਗੀਆਂ ਵੱਲੋਂ ਦਿੱਤੇ ਗਏ ਪੈਸਿਆਂ ਨਾਲ ਹੀ ਚੱਲਦੀਆਂ ਹਨ। ਇਸ ਲਈ ਸਭ ਨੂੰ ਪਾਰਟੀ ਦੀ ਵੱਧ ਤੋਂ ਵੱਧ ਆਰਥਿਕ ਸਹਾਇਤਾ ਕਰਨੀ ਚਾਹੀਦੀ ਹੈ।

# ਗੁਰੂ ਤੇਗ ਬਹਾਦਰ ਸਕੂਲ ਹੈਡੋਂ ਬੇਟ ਦੇ ਵਿਦਿਆਰਥੀ ਜ਼ਿਲ੍ਹਾ ਪੱਧਰੀ ਜੋਨਲ ਖੇਡ ਮੁਕਾਬਲਿਆਂ ਵਿੱਚ ਛਾਏ



**ਮਾਛੀਵਾੜਾ ਸਾਹਿਬ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਰੋਪੜ ਰੋਡ ਤੇ ਸਥਿਤ ਪਿੰਡ ਹੈਡੋਂ ਬੇਟ ਵਿਖੇ ਸਥਿਤ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਮਾਡਲ ਸੀਨੀ: ਸੈਕੰ: ਸਕੂਲ ਦੇ ਵਿਦਿਆਰਥੀਆਂ ਨੇ ਜਿ ?ਲ੍ਹਾ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਚਮਕਾਇਆ।

ਐਮ .ਡੀ .ਮੈਡਮ ਹਰਪਾਲ ਕੌਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੰਡਰ 19 ਖੇਡ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ ਸਕੂਲ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਿਲ ਕੀਤਾ ਹੈ, ਅਤੇ ਸਕੂਲ ਵਿੱਚ ਬਾਰ੍ਹਵੀਂ ਜਮਾਤ ਦੀ ਵਿਦਿਆਰਥਨ ਏਕਤਾ ਰਾਣੀ ਸਪੁੱਤਰੀ ਰਾਜਵਿੰਦਰ ਪਾਲ ਡੀ ਪੰਜਾਬ ਪਧਰੀ ਖੇਡਾਂ ਵਿੱਚ ਚੋਣ ਕੀਤੀ ਗਈ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਉਹਨਾਂ ਦੀ ਇਸ ਪ੍ਰਾਪਤੀ ਲਈ ਵਧਾਈਆਂ ਦਿੱਤੀਆਂ ਅਤੇ ਅੱਗੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਸਪੋਰਟਸ ਇੰਚਾਰਜ ਦਵਿੰਦਰ ਸਿੰਘ ਦੀ ਉਹਨਾਂ ਦੀ ਸਖਤ ਮਿਹਨਤ ਤੇ ਵਧੀਆ ਨਤੀਜੇ ਦੀ ਪ੍ਰਾਪਤੀ ਲਈ ਭਰਪੂਰ ਸ਼ਲਾਘਾ ਕੀਤੀ ਅਤੇ ਇਸੇ ਤਰ੍ਹਾਂ ਉੱਚੀਆਂ ਬੁਲੰਦੀਆਂ ਨੂੰ ਛੂਹਣ ਦੀ ਕਾਮਨਾ ਕਰਦੇ ਹੋਏ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਬੰਤ ਸਿੰਘ ਨੇ ਸਾਰੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ ਤੇ ਇਸੇ ਤਰ੍ਹਾਂ ਮਿਹਨਤ ਕਰਨ ਤੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਾਈਸ ਪ੍ਰਿੰ: ਰਜਿੰਦਰ ਸਿੰਘ ਬਾਜਵਾ ਅਤੇ ਸਮੂਹ ਅਧਿਆਪਕ ਸਾਹਿਬਾਨ ਮੌਜੂਦ ਸਨ।

# ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨੇਪਾਲ ਦੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਤਿੰਨ ਟਰੱਕ ਰਵਾਨਾ ਕੀਤੇ

**ਚੰਡੀਗੜ੍ਹ, 2 ਸਤੰਬਰ**
**-ਹਰਮਨਪ੍ਰੀਤ ਕੌਰ-**

ਨੇਪਾਲ ਵਿੱਚ ਆਏ ਵਿਨਾਸ਼ਕਾਰੀ ਅਚਾਨਕ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਪੰਜਾਬ ਰੈੱਡ ਕ੍ਰਾਸ ਨੇ ਮਨੁੱਖਤਾ ਦੇ ਨਾਤੇ ਅੱਗੇ ਆਉਂਦਿਆਂ ਅੱਜ ਰਾਹਤ ਸਮੱਗਰੀ ਨਾਲ ਭਰੇ ਤਿੰਨ ਟਰੱਕ ਨੇਪਾਲ ਰੈੱਡ ਕ੍ਰਾਸ ਲਈ ਰਵਾਨਾ ਕੀਤੇ। ਪੰਜਾਬ ਦੇ ਰਾਜਪਾਲ ਅਤੇ ਪੰਜਾਬ ਰੈੱਡ ਕ੍ਰਾਸ ਦੇ ਪ੍ਰਧਾਨ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ, ਚੰਡੀਗੜ੍ਹ ਤੋਂ ਇਨ੍ਹਾਂ ਟਰੱਕਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਨ੍ਹਾਂ ਤਿੰਨ ਟਰੱਕਾਂ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਦੀਆਂ ਤੁਰੰਤ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਰੇਡੀ-ਟੂ-ਈਟ ਖਾਦ ਸਮੱਗਰੀ, ਰਾਸ਼ਨ, ਕੱਪੜੇ ਅਤੇ ਹੋਰ ਲੋੜੀਂਦੀ ਰਾਹਤ ਸਮੱਗਰੀ ਸ਼ਾਮਲ ਹੈ। ਅੱਜ ਭੇਜੀ ਗਈ ਪਹਿਲੀ ਖੇਪ ਦੀ ਅਨੁਮਾਨਿਤ ਕੀਮਤ 10 ਲੱਖ ਰੁਪਏ ਤੋਂ ਵੱਧ ਹੈ।

ਇਸ ਮੌਕੇ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਰੈੱਡ ਕ੍ਰਾਸ ਅਤੇ ਪੰਜਾਬ ਦੇ ਲੋਕ ਨੇਪਾਲ ਦੇ ਹੜ੍ਹ ਪ੍ਰਭਾਵਿਤ ਭਾਈਚਾਰਿਆਂ ਨਾਲ ਪੂਰੀ ਇਕਜੁੱਟਤਾ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਨੇਪਾਲ ਭਾਰਤ ਦਾ ਮਿੱਤਰ ਅਤੇ ਗੁਆਂਢੀ ਦੇਸ਼ ਹੈ ਅਤੇ ਸੰਕਟ ਦੀ ਇਸ ਘੜੀ ਵਿੱਚ ਉੱਥੋਂ ਦੇ ਲੋਕਾਂ ਦੀ ਸਹਾਇਤਾ ਕਰਨਾ ਸਾਡਾ ਮਨੁੱਖੀ ਫ਼ਰਜ਼ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਰੈੱਡ ਕ੍ਰਾਸ ਵੱਲੋਂ ਨੇਪਾਲ ਰੈੱਡ ਕ੍ਰਾਸ ਨਾਲ ਲਗਾਤਾਰ ਤਾਲਮੇਲ ਕੀਤਾ ਜਾ ਰਿਹਾ ਹੈ ਅਤੇ ਨੇਪਾਲ ਵਿੱਚ ਰਾਹਤ ਕਾਰਜਾਂ ਲਈ ਲੋੜੀਂਦੀਆਂ ਵਸਤਾਂ ਬਾਰੇ ਜਾਣਕਾਰੀ ਨਿਰੰਤਰ ਪ੍ਰਾਪਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨੇਪਾਲ ਵੱਲੋਂ ਪ੍ਰਾਪਤ ਮੰਗ ਅਤੇ ਲੋੜਾਂ ਦੀ ਸੋਧੀ ਹੋਈ ਸੂਚੀ ਅਨੁਸਾਰ ਰਾਹਤ ਸਮੱਗਰੀ ਦੀ ਅਗਲੀ ਖੇਪ ਭੇਜੀ ਜਾਵੇਗੀ। ਰਾਜਪਾਲ ਨੇ ਕਿਹਾ ਕਿ ਮੌਜੂਦਾ ਸਮੇਂ ਭੇਜੀ ਜਾ ਰਹੀ ਰਾਹਤ ਸਮੱਗਰੀ ਤੋਂ ਇਲਾਵਾ ਪੰਜਾਬ ਰੈੱਡ ਕ੍ਰਾਸ ਵੱਲੋਂ ਕੁੱਲ ਲਗਭਗ 80 ਲੱਖ ਰੁਪਏ ਤੋਂ 1 ਕਰੋੜ ਰੁਪਏ ਤੱਕ ਦੀ ਰਾਹਤ ਸਹਾਇਤਾ ਉਪਲਬਧ ਕਰਵਾਉਣ ਦੀ ਯੋਜਨਾ ਹੈ। ਇਹ ਸਹਾਇਤਾ ਨੇਪਾਲ ਰੈੱਡ ਕ੍ਰਾਸ ਦੀਆਂ ਅਸਲ ਲੋੜਾਂ ਅਤੇ ਮੰਗ ਅਨੁਸਾਰ ਪੜਾਅਵਾਰ ਢੰਗ ਨਾਲ ਭੇਜੀ ਜਾਵੇਗੀ।

ਸ਼੍ਰੀ ਕਟਾਰੀਆ ਨੇ ਕਿਹਾ ਕਿ ਇਸ ਕੁਦਰਤੀ ਆਫ਼ਤ ਦੇ ਸਮੇਂ ਸਮਾਜ ਦੇ ਹਰ ਵਰਗ, ਸੰਸਥਾ ਅਤੇ ਸੰਗਠਨ ਨੂੰ ਅੱਗੇ ਆ ਕੇ ਪੀੜਤ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਕਈ ਸੰਸਥਾਵਾਂ ਅਤੇ ਵਿਅਕਤੀਆਂ ਵੱਲੋਂ ਵੀ ਰਾਹਤ ਕਾਰਜਾਂ ਵਿੱਚ ਸਹਿਯੋਗ ਦੇਣ ਲਈ ਪੰਜਾਬ ਰੈੱਡ ਕ੍ਰਾਸ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਰੈੱਡ ਕ੍ਰਾਸ, ਰਾਸ਼ਟਰੀ ਮੁੱਖ ਦਫ਼ਤਰ ਅਤੇ ਨੇਪਾਲ ਰੈੱਡ ਕ੍ਰਾਸ ਨਾਲ ਲਗਾਤਾਰ ਸੰਪਰਕ ਵਿੱਚ ਹੈ, ਤਾਂ ਜੋ ਉੱਥੇ ਰਾਹਤ ਅਤੇ ਬਚਾਅ ਕਾਰਜਾਂ ਲਈ ਜਿਨ੍ਹਾਂ ਵਸਤਾਂ ਦੀ ਤੁਰੰਤ ਲੋੜ ਹੈ, ਉਹਨਾਂ ਨੂੰ ਪਹਿਲ ਦੇ ਆਧਾਰ ’ਤੇ ਉਪਲਬਧ ਕਰਵਾਇਆ ਜਾ ਸਕੇ।

# ਸੀ.ਐਚ.ਸੀ. ਟੀਮ ਮਾਛੀਵਾੜਾ ਵੱਲੋਂ ਪੋਸ਼ਣ ਹ.ਫਤੇ ਦਾ ਹੋਇਆ ਆਗਾਜ਼



**ਮਾਛੀਵਾੜਾ ਸਾਹਿਬ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਵਲ ਸਰਜਨ ਲੁਧਿਆਣਾ ਡਾ ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਲਖਵਿੰਦਰ ਸਿੰਘ ਦੀ ਅਗਵਾਈ ਵਿਚ ਰਾਸ਼ਟਰੀ ਪੋਸ਼ਣ ਹਫ਼ਤਾ ਸ਼ੁਰੂ ਹੋ ਗਿਆ ਹੈ ।

ਐਸ. ਐਮ. ਓ. ਡਾ.. ਲਖਵਿੰਦਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਪੋਸ਼ਣ ਭਰਭੂਰ ਖੁਰਾਕ ਬਹੁਤ ਜਰੂਰੀ ਹੈ। ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਪੌਸ਼ਟਿਕ ਭੋਜਨ ਖਾਣ ਨਾਲ ਅਸੀਂ ਤੰਦਰੁਸਤ ਜਿੰਦਗੀ ਜੀਅ ਸਕਦੇ ਹਾਂ , ਅਤੇ ਸਰੀਰ ਨੂੰ ਲੱਗਣ ਵਾਲੀਆਂ ਬਿਮਾਰੀਆਂ ਤੋਂ ਵੀ ਬਚ ਸਕਦੇ ਹਾਂ।

ਇਸ ਮੌਕੇ ਸਰਬਜੀਤ ਸਿੰਘ ਬੀ ਐਸ ਏ, ਮਨਮੋਹਨ ਸਿੰਘ ਮਲਟੀਪਰਪਜ ਹੈਲਥ ਸੁਪਰਵਾਈਜ਼ਰ, ਕੁਲਵੀਰ ਕੌਰ ਐਲ ਐਚ ਵੀ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਅਤੇ ਪਤਵੰਤੇ ਹਾਜਰ ਸਨ।

# ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ‘ਚ ਸ਼ਾਮਲ ਕਿਸੇ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ: ਮੋਹਿੰਦਰ ਭਗਤ

**ਜਲੰਧਰ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲਗਾਤਾਰ ਜੰਗ ਵਿੱਢੀ ਹੋਈ ਹੈ ਅਤੇ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਧਾਇਕ ਬਲਕਾਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਅਤੇ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰਾਂ ਨਾਲ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਸਮੀਖਿਆ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨਸ਼ਿਆਂ ਖਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਹੋਈ ਹੈ, ਜਿਸ ਤਹਿਤ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।



ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ 1 ਮਾਰਚ 2025 ਤੋਂ 30 ਅਗਸਤ 2026 ਤੱਕ 58797 ਕੇਸ ਦਰਜ ਕਰਕੇ 76701 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਹਿੰਮ ਤਹਿਤ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ 21.99 ਕਰੋੜ ਰੁਪਏ ਦੀ ਡਰੱਗ ਮਨੀ ਵੀ ਜ਼ਬਤ ਕੀਤੀ ਗਈ ਹੈ।

ਸ਼੍ਰੀ ਭਗਤ ਨੇ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਿਆਂ ਖਿਲਾਫ਼ ਮੁਹਿੰਮ ਨੂੰ ਜ਼ਮੀਨੀ ਪੱਧਰ ’ਤੇ ਹੋਰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਨਸ਼ਿਆਂ ਪੱਖੋਂ ਸੰਵੇਦਨਸ਼ੀਲ ਥਾਵਾਂ ’ਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਜਾਵੇ। ਉਨ੍ਹਾਂ ਇਸ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਲਈ ਪੁਲਿਸ, ਸਿਵਲ ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਦੇ ਬਿਹਤਰ ਆਪਸੀ ਤਾਲਮੇਲ ਦੀ ਲੋੜ ’ਤੇ ਜ਼ੋਰ ਦਿੱਤਾ।

ਕੈਬਨਿਟ ਮੰਤਰੀ ਨੇ ਡੀ.ਐਸ.ਪੀਜ਼ ਨੂੰ ਹਦਾਇਤ ਕਰਦਿਆਂ ਕਿਹਾ ਕਿ ਐਸ.ਐਚ.ਓਜ਼, ਪਿੰਡ ਅਤੇ ਵਾਰਡ ਡਿਫੈਂਸ ਕਮੇਟੀਆਂ ਨਾਲ ਨਿਯਮਿਤ ਮੀਟਿੰਗਾਂ ਕੀਤੀਆਂ ਜਾਣ ਅਤੇ ਆਪਣੇ ਇਲਾਕਿਆਂ ਵਿੱਚ ਨਸ਼ਿਆਂ ਸਬੰਧੀ ਗਤੀਵਿਧੀਆਂ ’ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ। ਉਨ੍ਹਾਂ ਪੁਲਿਸ ਨੂੰ ਜ਼ਮਾਨਤ ਜਾਂ ਪੈਰੋਲ ’ਤੇ ਬਾਹਰ ਆਏ ਨਸ਼ਾ ਤਸਕਰਾਂ ’ਤੇ ਵੀ ਸਖ਼ਤ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਜਿਹਾ ਵਿਅਕਤੀ ਮੁੜ ਨਸ਼ਾ ਤਸਕਰੀ ਵਿੱਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ ਅਤੇ ਨਸ਼ਿਆਂ ਖਿਲਾਫ਼ ਲੜਾਈ ਨੂੰ ਪੁਲਿਸ, ਸਿਵਲ ਪ੍ਰਸ਼ਾਸਨ, ਨਾਗਰਿਕਾਂ, ਸਮਾਜਿਕ ਸੰਸਥਾਵਾਂ ਦੇ ਸਹਿਯੋਗ ਨਾਲ ਹੋਰ ਤੇਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਉਥੇ ਨਸ਼ਿਆਂ ਦੇ ਦਲਦਲ ਵਿੱਚ ਫਸੇ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੀ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣ ਲਈ ਸਮਾਜ ਦੇ ਸਾਰੇ ਵਰਗਾਂ ਨੂੰ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਰੰਗਲਾ ਪੰਜਾਬ ਦੇ ਨਿਰਮਾਣ ਲਈ ਸਮਾਜ ਦੇ ਹਰ ਵਰਗ ਦਾ ਯੋਗਦਾਨ ਬਹੁਤ ਜ਼ਰੂਰੀ ਹੈ।

ਇਸ ਦੌਰਾਨ ਕੈਬਨਿਟ ਮੰਤਰੀ ਨੇ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਅਤੇ ਹਲਕਾ ਕੋਆਰਡੀਨੇਟਰਾਂ ਤੋਂ ਫੀਡਬੈਕ ਵੀ ਪ੍ਰਾਪਤ ਕੀਤੀ।

ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਵਿੱਚ ਹਰ ਵਰਗ ਦੇ ਲੋਕਾਂ ਵੱਲੋਂ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨਸ਼ਿਆਂ ਨੂੰ ਖ਼ਤਮ ਕਰਨ ਲਈ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ਼ ਲੜਾਈ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰੇਕ ਨਾਗਰਿਕ ਨੂੰ ਇਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਤੋਂ ਬਚਾਇਆ ਜਾ ਸਕੇ।

ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਨੇ ਜਾਣੂ ਕਰਵਾਇਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਲੰਧਰ ਦਿਹਾਤੀ ਪੁਲਿਸ ਵੱਲੋਂ 1 ਮਾਰਚ 2025 ਤੋਂ ਹੁਣ ਤੱਕ 2815 ਕੇਸ ਦਰਜ ਕਰਕੇ 3980 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੁੜ ਵਸੇਬਾ ਯਤਨਾਂ ਤਹਿਤ ਹੁਣ ਤੱਕ 6500 ਤੋਂ ਵੱਧ ਨਸ਼ਾ ਪ੍ਰਭਾਵਿਤ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਦਿਹਾਤੀ ਪੁਲਿਸ ਵੱਲੋਂ ਪਿੰਡ ਤੇ ਵਾਰਡ ਡਿਫੈਂਸ ਕਮੇਟੀਆਂ ਨਾਲ ਲਗਾਤਾਰ ਮੀਟਿੰਗਾਂ ਤੋਂ ਇਲਾਵਾ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਸੈਮੀਨਾਰ/ਵਰਕਸ਼ਾਪ ਵੀ ਕਰਵਾਏ ਜਾ ਰਹੇ ਹਨ।

ਅਖੀਰ ਵਿੱਚ ਨਸ਼ਾ ਮੁਕਤੀ ਮੋਰਚਾ ਦੇ ਦੁਆਬਾ ਇੰਚਾਰਜ ਅਤਿਨ ਅਗਨੀਹੋਤਰੀ ਨੇ ਮੁਹਿੰਮ ਤਹਿਤ ਜ਼ਿਲ੍ਹਾ ਤੇ ਹਲਕੇ ਪੱਧਰ ਦੀਆਂ ਗਤੀਵਿਧੀਆਂ ’ਤੇ ਚਾਨਣਾ ਪਾਇਆ ਅਤੇ ਨਸ਼ਿਆਂ ਖਿਲਾਫ਼ ਲੜਾਈ ਵਿੱਚ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

ਮੀਟਿੰਗ ਵਿੱਚ ਡੀ.ਐਸ.ਪੀਜ਼, ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਇੰਚਾਰਜ (ਦਿਹਾਤੀ) ਅਜੈ ਭੀਲ ਤੋਂ ਇਲ਼ਾਵਾ ਹਲਕਾ ਕੋਆਰਡੀਨੇਟਰ, ਬਲਾਕ ਕੋਆਰਡੀਨੇਟਰ ਆਦਿ ਵੀ ਮੌਜੂਦ ਸਨ।



# ਹਰਿਆਣਾ ਖ਼ਬਰਨਾਮਾ



## ਹਰਿਆਣਾ ਨੇ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਸੋਧ ਐਕਟ 2024 ਨੂੰ ਅਪਣਾਇਆ

**ਚੰਡੀਗੜ੍ਹ, 2 ਸਤੰਬਰ**
**-ਸੰਜੀਵ ਸਿੰਗਲਾ-**

ਵਾਤਾਵਰਣ ਨਾਲ ਜੁੜੇ ਕੰਮਕਾਜ ਨੂੰ ਬਿਹਤਰ ਬਣਾਉਣ ਅਤੇ ਈਜ਼ ਆਫ਼ ਡੂਇੰਗ ਬਿਜ਼ਨਸ (ਕਾਰੋਬਾਰ ਵਿੱਚ ਆਸਾਨੀ) ਨੂੰ ਉਤਸ਼ਾਹਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦਿਆਂ, ਹਰਿਆਣਾ ਰਾਜ ਨੇ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਸੋਧ ਐਕਟ, 2024 ਨੂੰ ਅਪਣਾ ਲਿਆ ਹੈ। ਇਸ ਦੇ ਨਾਲ ਹੀ, ਰਾਜ ਵਿੱਚ ਲਾਗੂ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਐਕਟ 1974 ਵਿੱਚ ਕੀਤੇ ਗਏ ਸੋਧਾਂ ਨੂੰ ਪ੍ਰਭਾਵਸ਼ਾਲੀ ਬਣਾ ਦਿੱਤਾ ਗਿਆ ਹੈ। ਜਾਣੂ ਕਰਵਾਇਆ ਜਾਂਦਾ ਹੈ ਕਿ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਐਕਟ, 1974 ਨੂੰ ਜਲ ਪ੍ਰਦੂਸ਼ਣ ਨੂੰ ਰੋਕਣ ਅਤੇ ਕੰਟਰੋਲ ਕਰਨ, ਅਤੇ ਪਾਣੀ ਦੀ ਸ਼ੁੱਧਤਾ ਬਰਕਰਾਰ ਰੱਖਣ ਜਾਂ ਇਸ ਨੂੰ ਬਹਾਲ ਕਰਨ ਦੇ ਮਕਸਦ ਨਾਲ ਲਾਗੂ ਕੀਤਾ ਗਿਆ ਸੀ।

ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਸੋਧ ਐਕਟ, 2024 ਕਈ ਮਹੱਤਵਪੂਰਨ ਸੁਧਾਰ ਲਿਆਉਂਦਾ ਹੈ। ਇਨ੍ਹਾਂ ਦਾ ਮਕਸਦ ਨਿਯਮਾਂ ਅਤੇ ਪ੍ਰਕਿਰਿਆਵਾਂ ਨੂੰ ਆਸਾਨ ਬਣਾਉਣਾ, ਜੁਰਮਾਨੇ ਨੂੰ ਤਰਕਸੰਗਤ ਬਣਾਉਣਾ ਅਤੇ ਆਪਸੀ ਭਰੋਸੇ 'ਤੇ ਅਧਾਰਤ ਪਾਲਣਾ ਪ੍ਰਣਾਲੀ ਨੂੰ ਉਤਸ਼ਾਹਤ ਕਰਨਾ ਹੈ। ਇਸ ਦੇ ਨਾਲ ਹੀ ਵਾਤਾਵਰਣ ਦੀ ਪ੍ਰਭਾਵਸ਼ਾਲੀ ਸੁਰੱਖਿਆ ਵੀ ਯਕੀਨੀ ਬਣਾਉਣਾ ਹੈ।

ਰਾਜ ਸਰਕਾਰ ਨੇ ਇਹ ਕਦਮ ਈਜ਼ ਆਫ਼ ਡੂਇੰਗ ਬਿਜ਼ਨਸ, ਨਿਯਮਾਂ ਨੂੰ ਸਰਲ ਬਣਾਉਣ ਅਤੇ ਪਾਲਣਾ ਦੇ ਬੋਝ ਨੂੰ ਘਟਾਉਣ ਦੀ ਨੀਤੀ ਤਹਿਤ ਚੁੱਕਿਆ ਹੈ। ਨਾਲ ਹੀ, ਜਲ ਸਰੋਤਾਂ ਦੀ ਸੁਰੱਖਿਆ ਅਤੇ ਤੈਅ ਵਾਤਾਵਰਣ ਮਿਆਰਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਮੂਲ ਉਦੇਸ਼ ਨੂੰ ਵੀ ਬਰਕਰਾਰ ਰੱਖਿਆ ਗਿਆ ਹੈ। ਹਰਿਆਣਾ ਦੁਆਰਾ ਸੋਧੇ ਹੋਏ ਪ੍ਰਬੰਧਾਂ ਨੂੰ ਅਪਣਾਉਣ ਨਾਲ ਜਲ ਐਕਟ ਦੇ ਦਾਇਰੇ ਵਿੱਚ ਆਉਣ ਵਾਲੇ ਉਦਯੋਗਾਂ ਅਤੇ ਹੋਰ ਅਦਾਰਿਆਂ ਲਈ ਇੱਕ ਵਧੇਰੇ ਕੁਸ਼ਲ ਰੈਗੂਲੇਟਰੀ ਪ੍ਰਣਾਲੀ ਬਣਨ ਦੀ ਉਮੀਦ ਹੈ। ਇਹ ਸੁਧਾਰ ਬੇਲੋੜੇ ਪ੍ਰਕਿਰਿਆਤਮਕ ਬੋਝ ਨੂੰ ਘਟਾਉਣ, ਖੁਦ ਤੋਂ ਨਿਯਮਾਂ ਦੀ ਪਾਲਣਾ ਕਰਨ ਨੂੰ ਉਤਸ਼ਾਹਤ ਕਰਨ ਅਤੇ ਈਜ਼ ਆਫ਼ ਡੂਇੰਗ ਬਿਜ਼ਨਸ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਨਗੇ, ਅਤੇ ਇਨ੍ਹਾਂ ਸਭ ਦੇ ਬਾਵਜੂਦ ਜਲ ਪ੍ਰਦੂਸ਼ਣ ਨੂੰ ਰੋਕਣ ਅਤੇ ਕੰਟਰੋਲ ਕਰਨ ਪ੍ਰਤੀ ਰਾਜ ਦੀ ਵਚਨਬੱਧਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਸੋਧੇ ਹੋਏ ਢਾਂਚੇ ਵਿੱਚ ਕੁਝ ਛੋਟੇ ਉਲੰਘਣਾਵਾਂ ਲਈ ਕਾਨੂੰਨੀ ਕਾਰਵਾਈ ਦੀ ਜਗ੍ਹਾ ਮੌਦ੍ਰਿਕ ਜੁਰਮਾਨਾ ਲਗਾਉਣ ਦਾ ਪ੍ਰਬੰਧ ਕੀਤਾ ਗਿਆ ਹੈ। ਉੱਥੇ ਹੀ, ਬਿਨਾਂ ਮਨਜ਼ੂਰੀ ਦੇ ਯੂਨਿਟ ਚਲਾਉਣ ਵਰਗੇ ਗੰਭੀਰ ਵਾਤਾਵਰਣਕ ਉਲੰਘਣਾਵਾਂ ਲਈ ਕਾਨੂੰਨੀ ਕਾਰਵਾਈ ਵੀ ਜਾਰੀ ਰਹੇਗੀ। ਸੋਧਾਂ ਵਿੱਚ ਯੂਨਿਟ ਸਥਾਪਤ ਕਰਨ ਅਤੇ ਚਲਾਉਣ ਦੀ ਮਨਜ਼ੂਰੀ ਦੇਣ, ਉਸ ਨੂੰ ਅਸਵੀਕਾਰ ਕਰਨ ਅਤੇ ਰੱਦ ਕਰਨ ਲਈ ਇੱਕਸਮਾਨ ਦਿਸ਼ਾ-ਨਿਰਦੇਸ਼; ਨਿਯਮਾਂ ਦੇ ਉਲੰਘਣ ਨਾਲ ਨਜਿੱਠਣ ਲਈ ਨਿਆਂ ਨਿਰਣੇ ਦੀ ਪ੍ਰਕਿਰਿਆ ਜ਼ਰੀਏ ਇੱਕ ਵਿਵਸਥਿਤ ਤੰਤਰ; ਅਤੇ ਰੈਗੂਲੇਟਰੀ ਢਾਂਚੇ ਤਹਿਤ ਜਵਾਬਦੇਹੀ ਵਿੱਚ ਸੁਧਾਰ ਦੇ ਪ੍ਰਬੰਧ ਵੀ ਸ਼ਾਮਲ ਹਨ।

ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਰਾਜ ਵਿੱਚ ਸੋਧੇ ਹੋਏ ਪ੍ਰਬੰਧਾਂ ਨੂੰ ਲਾਗੂ ਕਰਨ ਲਈ ਜ਼ਰੂਰੀ ਕਦਮ ਚੁੱਕੇਗਾ। ਬੋਰਡ ਸੋਧੇ ਹੋਏ ਕਾਨੂੰਨੀ ਢਾਂਚੇ ਅਤੇ ਲਾਗੂ ਵਾਤਾਵਰਣ ਮਿਆਰਾਂ ਅਨੁਸਾਰ ਨਿਗਰਾਨੀ, ਜਾਂਚ ਅਤੇ ਲਾਗੂ ਕਰਨ ਦੀਆਂ ਗਤੀਵਿਧੀਆਂ ਜਾਰੀ ਰੱਖੇਗਾ। ਰਾਜ ਸਰਕਾਰ ਦਾ ਹਰਿਆਣਾ ਦੇ ਸਾਰੇ ਉਦਯੋਗਿਕ ਅਦਾਰਿਆਂ, ਸਥਾਨਕ ਸੰਸਥਾਵਾਂ ਅਤੇ ਸਬੰਧਤ ਧਿਰਾਂ ਨੂੰ ਅਪੀਲ ਹੈ ਕਿ ਉਹ ਸੋਧੇ ਹੋਏ ਪ੍ਰਬੰਧਾਂ ਦੀ ਪਾਲਣਾ ਕਰਨ ਅਤੇ ਰਾਜ ਦੀਆਂ ਨਦੀਆਂ ਤੇ ਜਲ ਸਰੋਤਾਂ ਨੂੰ ਸਾਫ਼ ਰੱਖਣ ਲਈ ਟਿਕਾਊ ਤਰੀਕੇ ਅਪਣਾਉਣ।

## ਪੰਜਾਬ ਸਰਕਾਰ ਡੀ.ਏ. ਮਾਮਲੇ 'ਚ ਪੁੱਜੀ ਸੁਪਰੀਮ ਕੋਰਟ

**ਚੰਡੀਗੜ੍ਹ, 2 ਸਤੰਬਰ**
**-ਜੀ. ਐਸ. ਤੁੰਗ-**



ਪੰਜਾਬ ਸਰਕਾਰ ਨੇ ਮੁਲਾਜ਼ਮਾਂ ਨੂੰ ਡੀ.ਏ. ਜਾਰੀ ਕਰਨ ਤੋਂ ਫਿਲਹਾਲ ਇਨਕਾਰ ਕਰ ਦਿੱਤਾ ਹੈ। ਸਰਕਾਰ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਡਬਲ ਬੈਂਚ ਦੇ ਫੈਸਲੇ ਨੂੰ ਚੁਣੌਤੀ ਦੇਣ ਲਈ ਸੁਪਰੀਮ ਕੋਰਟ ਵਿਚ ਇਕ ਵਿਸ਼ੇਸ਼ ਛੁੱਟੀ ਪਟੀਸ਼ਨ ਦਾਇਰ ਕੀਤੀ ਹੈ।

ਸਰਕਾਰ ਨੇ ਆਪਣੀ ਪਟੀਸ਼ਨ ਵਿਚ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ 15 ਦਿਨਾਂ ਦੇ ਅੰਦਰ ਕਰਮਚਾਰੀਆਂ ਨੂੰ 14,191 ਕਰੋੜ ਰੁਪਏ ਵੰਡਣਾ ਅਸੰਭਵ ਹੈ। ਇਸ ਤੋਂ ਇਲਾਵਾ ਸਰਕਾਰ ਨੇ ਆਪਣੀ ਪਟੀਸ਼ਨ ਵਿਚ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਕਰਮਚਾਰੀਆਂ ਲਈ ਤਨਖਾਹ ਡੇਟਾ ਵੀ ਪ੍ਰਦਾਨ ਕੀਤਾ ਹੈ।

ਪੰਜਾਬ ਸਰਕਾਰ ਦਾ ਤਰਕ ਹੈ ਕਿ ਉਹ ਆਪਣੇ ਕਰਮਚਾਰੀਆਂ ਨੂੰ ਕੇਂਦਰ ਸਰਕਾਰ ਨਾਲੋਂ ਵੱਧ ਤਨਖਾਹ ਦੇ ਰਹੀ ਹੈ। ਜੇਕਰ ਡੀ.ਏ. ਲਾਗੂ ਹੁੰਦਾ ਹੈ, ਤਾਂ ਕਰਮਚਾਰੀਆਂ ਦੀਆਂ ਤਨਖਾਹਾਂ ਹੋਰ ਵੀ ਵੱਧ ਜਾਣਗੀਆਂ। ਇਹ ਦੇਖਣਾ ਬਾਕੀ ਹੈ ਕਿ ਸੁਪਰੀਮ ਕੋਰਟ ਪੰਜਾਬ ਸਰਕਾਰ ਦੀ ਵਿਸ਼ੇਸ਼ ਛੁੱਟੀ ਪਟੀਸ਼ਨ ਨੂੰ ਸੁਣਵਾਈ ਲਈ ਕਦੋਂ ਸੂਚੀਬੱਧ ਕਰੇਗੀ।

ਸੁਪਰੀਮ ਕੋਰਟ ਇਸ ਮਾਮਲੇ ਦੀ ਸੁਣਵਾਈ ਤੋਂ ਪਹਿਲਾਂ ਕਰਮਚਾਰੀਆਂ ਦੇ ਪੱਖ ਨੂੰ ਵੀ ਸੁਣੇਗੀ, ਕਿਉਂਕਿ ਕਰਮਚਾਰੀ ਪਹਿਲਾਂ ਹੀ ਸੁਪਰੀਮ ਕੋਰਟ ਵਿਚ ਇਕ ਕੈਵੀਏਟ ਦਾਇਰ ਕਰ ਚੁੱਕੇ ਹਨ।

ਸਰਕਾਰ ਦਾ ਕਹਿਣਾ ਹੈ ਕਿ ਪੰਜਾਬ ਦੇ ਕਰਮਚਾਰੀਆਂ ਦੀ ਬੇਸਿਕ ਤਨਖਾਹ ਦੇ ਕਾਰਨ, ਉਨ੍ਹਾਂ ਦੀ ਕੁੱਲ ਘਰ ਲੈ ਜਾਣ ਵਾਲੀ ਤਨਖਾਹ ਕਈ ਕੇਂਦਰੀ ਸਰਕਾਰੀ ਕਰਮਚਾਰੀਆਂ ਨਾਲੋਂ ਵੱਧ ਹੈ। 42% ਡੀ.ਏ. ਦੇ ਨਾਲ ਪੰਜਾਬ ਵਿਚ ਕਲਰਕਾਂ ਅਤੇ ਕਾਂਸਟੇਬਲਾਂ ਨੂੰ ?54,812 ਮਿਲਦਾ ਹੈ, ਜਦੋਂ ਕਿ ਕੇਂਦਰ ਵਿਚ 60% ਡੀ.ਏ. ਦੇ ਬਾਵਜੂਦ, ਉਨ੍ਹਾਂ ਨੂੰ ?36,960 ਮਿਲਦਾ ਹੈ। ਇਸ ਦਾ ਮਤਲਬ ਹੈ ਕਿ ਪੰਜਾਬ ਵਿਚ ਤਨਖਾਹਾਂ 48% ਵੱਧ ਹਨ। 60% ਡੀ.ਏ. ਦੇ ਨਾਲ ਪੰਜਾਬ ਵਿਚ ਇਹ ਤਨਖਾਹ ?61,760 ਹੋ ਜਾਵੇਗੀ, ਜੋ ਕਿ ਕੇਂਦਰ ਸਰਕਾਰ ਨਾਲੋਂ 67% ਵੱਧ ਹੋਵੇਗੀ।

## ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਗਈ : ਬੇਦੀ

**ਚੰਡੀਗੜ੍ਹ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਦੱਸਿਆ ਕਿ ਬਰੌਦਾ ਵਿਧਾਨ ਸਭਾ ਖੇਤਰ ਵਿੱਚ ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਖੇਤਰ ਵਿੱਚ 24 ਮਾਇਨਰ/ਰਜਵਾਹੇ ਅਤੇ 37 ਡ੍ਰੇਨਾਂ ਹਨ।

ਇਨ੍ਹਾਂ ਮਾਇਨਰਾਂ ਅਤੇ ਰਜਵਾਹਿਆਂ ਵਿੱਚ ਸਿੰਚਾਈ ਦੇ ਪਾਣੀ ਦੀ ਸਪਲਾਈ ਆਂਟਾ ਹੈਡ/ਬੁਟਾਨਾ ਬ੍ਰਾਂਚ ਅਤੇ ਖੁਬੜੂ ਹੈਡ/ਭਾਲੌਟ ਸਬ-ਬ੍ਰਾਂਚ ਰਾਹੀਂ ਕੀਤੀ ਜਾਂਦੀ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਨੇ ਇਹ ਜਾਣਕਾਰੀ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਵਿਧਾਇਕ ਇੰਦੂਰਾਜ ਸਿੰਘ ਨਰਵਾਲ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਦਿੱਤੀ।

ਸ੍ਰੀ ਬੇਦੀ ਨੇ ਦੱਸਿਆ ਕਿ ਖ਼ਰੀਫ਼ ਸੀਜ਼ਨ 2025-26 ਤੋਂ ਪਹਿਲਾਂ 204.60 ਲੱਖ ਰੁਪਏ ਦੀ ਲਾਗਤ ਨਾਲ 22 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕਰਵਾਈ ਗਈ। ਇਸੇ ਤਰ੍ਹਾਂ, ਰੱਬੀ ਸੀਜ਼ਨ 2025-26 ਤੋਂ ਪਹਿਲਾਂ 41.45 ਲੱਖ ਰੁਪਏ ਦੀ ਲਾਗਤ ਨਾਲ 20 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕੀਤੀ ਗਈ। ਸਾਲ 2026-27 ਵਿੱਚ ਖ਼ਰੀਫ਼ ਸੀਜ਼ਨ ਤੋਂ ਪਹਿਲਾਂ 47.25 ਲੱਖ ਰੁਪਏ ਦੀ ਲਾਗਤ ਨਾਲ 17 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਸਾਲ 2025-26 ਵਿੱਚ 69.35 ਲੱਖ ਰੁਪਏ ਦੀ ਲਾਗਤ ਨਾਲ 32 ਡ੍ਰੇਨਾਂ ਅਤੇ ਸਾਲ 2026-27 ਵਿੱਚ 90.03 ਲੱਖ ਰੁਪਏ ਦੀ ਲਾਗਤ ਨਾਲ 34 ਡ੍ਰੇਨਾਂ ਦੀ ਸਫ਼ਾਈ ਕਰਵਾਈ ਗਈ।

ਸ੍ਰੀ ਬੇਦੀ ਨੇ ਸਪੱਸ਼ਟ ਕੀਤਾ ਕਿ ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਜਿਨ੍ਹਾਂ ਨਹਿਰਾਂ ਅਤੇ ਡ੍ਰੇਨਾਂ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਹੀਂ ਪਾਈ ਗਈ, ਉਨ੍ਹਾਂ ਨੂੰ ਸਫ਼ਾਈ ਕਾਰਜ ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਸਿੰਚਾਈ ਲਈ ਲੋੜੀਂਦਾ ਪਾਣੀ ਉਪਲਬਧ ਕਰਵਾਉਣਾ ਅਤੇ ਨਹਿਰ ਅਤੇ ਡ੍ਰੇਨੇਜ ਪ੍ਰਣਾਲੀ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਈ ਰੱਖਣਾ ਹੈ।

## ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ : ਕ੍ਰਿਸ਼ਨ ਬੇਦੀ

**ਚੰਡੀਗੜ੍ਹ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਮਾਨਸੂਨ ਸੈਸ਼ਨ ਦੇ ਤੀਜੇ ਦਿਨ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੀ ਭਲਾਈ ਲਈ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦਾ ਲਾਭ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਸ੍ਰੀ ਬੇਦੀ ਨੇ ਕਿਹਾ ਕਿ ਸਾਲ 2023-24 ਦੌਰਾਨ ਅਨੁਸੂਚਿਤ ਜਾਤੀ ਲਈ ਅਲਾਟ ਕੀਤੇ ਬਜਟ ਦਾ 79 ਫ਼ੀਸਦੀ, 2024-25 ਵਿੱਚ 78 ਫ਼ੀਸਦੀ ਅਤੇ 2025-26 ਵਿੱਚ 71 ਫ਼ੀਸਦੀ ਖ਼ਰਚ ਕੀਤਾ ਗਿਆ ਹੈ। ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਨੂੰ 100 ਵਰਗ ਗਜ਼ ਦੇ ਪਲਾਟ ਦਿੱਤੇ ਹਨ, ਜਦੋਂ ਕਿ ਵਿਰੋਧ ਧਿਰ ਵੱਲੋਂ ਸਿਰਫ਼ ਘੋਸ਼ਣਾ ਕੀਤੀ ਗਈ ਸੀ। ਮੌਜੂਦਾ ਸਰਕਾਰ ਨੇ ਇਸ ਯੋਜਨਾ ਨੂੰ ਅਮਲੀ ਜਾਮਾ ਪਹਿਨਾਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਅਨੁਸੂਚਿਤ ਜਾਤੀ ਦੇ ਹਿੱਤ ਸੁਰੱਖਿਅਤ ਹਨ। ਸਰਕਾਰ ਅਨੁਸੂਚਿਤ ਵਰਗ ਦੀ ਭਲਾਈ ਲਈ ਕਾਰਜ ਕਰ ਰਹੀ ਹੈ।

## ਹਾਂਸੀ ਵਿੱਚ ਨਵੀਂ ਸੀਵਰੇਜ ਪਾਈਪਲਾਈਨ ਵਿਛਾਉਣ ਦਾ ਕੰਮ ਜਲਦੀ ਕੀਤਾ ਜਾਵੇਗਾ : ਰਣਬੀਰ ਗੰਗਵਾ

**ਚੰਡੀਗੜ੍ਹ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਾਂਸੀ ਸ਼ਹਿਰ ਵਿੱਚ ਪੁਰਾਣੀ ਸੀਵਰ ਲਾਈਨ ਦਾ ਜਲਦੀ ਸਰਵੇ ਕਰਵਾਇਆ ਜਾਵੇਗਾ ਅਤੇ ਨਵੀਂ ਪਾਈਪਲਾਈਨ ਵਿਛਾਉਣ ਦਾ ਕੰਮ ਕੀਤਾ ਜਾਵੇਗਾ।

ਵਿਧਾਨ ਸਭਾ ਸੈਸ਼ਨ ਦੌਰਾਨ ਹਾਂਸੀ ਦੇ ਵਿਧਾਇਕ ਸ੍ਰੀ ਵਿਨੋਦ ਭਯਾਨਾ ਵੱਲੋਂ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਹਾਂਸੀ ਵਿੱਚ ਪਹਿਲਾਂ ਬਣੀ ਸੀਵਰ ਲਾਈਨ ਦਾ ਕੁਝ ਹਿੱਸਾ ਸਾਲ 1980 ਵਿੱਚ ਮੁੱਖ ਤੌਰ 'ਤੇ ਤੋਸ਼ਾਮ ਚੁੰਗੀ ਤੋਂ ਸਮਾਧਾ ਰੋਡ ਅਤੇ ਜੀਂਦ ਚੌਕ ਤੋਂ ਸਮਾਧਾ ਰੋਡ ਵਾਇਆ ਤ੍ਰਿਕੋਣਾ ਪਾਰਕ ਅਤੇ ਚਾਰ ਕੁਤੁਬ ਖੇਤਰਾਂ ਵਿੱਚ ਵਿਛਾਇਆ ਗਿਆ ਸੀ।

ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਨਿਕਾਸੀ ਪਾਣੀ ਦੀ ਮਾਤਰਾ ਵਧਣ ਕਾਰਨ ਇਸ ਵਿੱਚ ਦਿੱਕਤ ਆ ਰਹੀ ਹੈ। ਇਸ ਨੂੰ ਦੇਖਦੇ ਹੋਏ ਜਲਦੀ ਇਸ ਦਾ ਸਰਵੇ ਕਰਵਾ ਕੇ ਨਵੀਂ ਪਾਈਪਲਾਈਨ ਵਿਛਾਉਣ ਦਾ ਕੰਮ ਕੀਤਾ ਜਾਵੇਗਾ।

ਜਨ ਸਿਹਤ ਇੰਜੀਨੀਅਰਿੰਗ ਮੰਤਰੀ ਨੇ ਵਿਧਾਇਕ ਸ੍ਰੀ ਵਿਨੋਦ ਭਯਾਨਾ ਨੂੰ ਭਰੋਸਾ ਦਿਵਾਇਆ ਕਿ ਇਸ ਸੰਬੰਧ ਵਿੱਚ ਜਲਦੀ ਜ਼ਰੂਰੀ ਕਾਰਵਾਈ ਕੀਤੀ ਜਾਵੇਗੀ।

## ਸੀਵਨ ਪਿੰਡ ਵਿੱਚ ਕਮਿਊਨਿਟੀ ਹੈਲਥ ਸੈਂਟਰ ਦੀ ਨਵੀਂ ਇਮਾਰਤ ਦਾ ਨਿਰਮਾਣ ਕੀਤਾ ਜਾਵੇਗਾ: ਆਰਤੀ ਸਿੰਘ ਰਾਓ

**ਚੰਡੀਗੜ੍ਹ, 2 ਸਤੰਬਰ**
**-ਹਰਮਨਪ੍ਰੀਤ ਕੌਰ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਗੂਹਲਾ ਵਿਧਾਨ ਸਭਾ ਖੇਤਰ ਦੇ ਅੰਤਰਗਤ ਆਉਣ ਵਾਲੇ ਸੀਵਨ ਪਿੰਡ ਵਿੱਚ ਕਮਿਊਨਿਟੀ ਹੈਲਥ ਸੈਂਟਰ ਦੀ ਨਵੀਂ ਇਮਾਰਤ ਦਾ ਨਿਰਮਾਣ ਕੀਤਾ ਜਾਵੇਗਾ, ਇਹ ਨਿਰਮਾਣ ਕਾਰਜ ਆਉਂਦੇ ਤਿੰਨ ਮਹੀਨਿਆਂ ਵਿੱਚ ਸ਼ੁਰੂ ਹੋਣ ਅਤੇ ਦਸੰਬਰ 2028 ਵਿੱਚ ਪੂਰੇ ਹੋਣ ਦੀ ਸੰਭਾਵਨਾ ਹੈ।

ਸਿਹਤ ਮੰਤਰੀ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੀ ਸੀ।ਉਨ੍ਹਾਂ ਦੱਸਿਆ ਕਿ ਕਮਿਊਨਿਟੀ ਹੈਲਥ ਸੈਂਟਰ, ਸੀਵਨ ਦੀ ਇਮਾਰਤ ਨੂੰ ਲੋਕ ਨਿਰਮਾਣ ਵਿਭਾਗ ਵੱਲੋਂ ਕੰਡਮ ਐਲਾਨ ਕਰ ਦਿੱਤਾ ਗਿਆ ਹੈ ਅਤੇ ਇਸ ਕੇਂਦਰ ਨੂੰ ਨੇੜਲੇ ਕਿਰਾਏ ਦੀ ਇਮਾਰਤ ਵਿੱਚ ਤਬਦੀਲ ਕਰਦਿਆਂ ਆਮ ਲੋਕਾਂ ਨੂੰ ਸਾਰੀਆਂ ਸਿਹਤ ਸਹੂਲਤਾਂ ਸੁਚਾਰੂ ਰੂਪ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਸਿਹਤ ਮੰਤਰੀ ਨੇ ਦੱਸਿਆ ਕਿ ਵਰਤਮਾਨ ਵਿੱਚ ਅੱਗ ਬੁਝਾਊ ਅਨਾਪਤੀ ਪ੍ਰਮਾਣ-ਪੱਤਰ ਅਤੇ ਊਰਜਾ ਸੰਰੱਖਣ ਭਵਨ ਕੋਡ ਦੀ ਪਾਲਣਾ ਪੂਰੀ ਕਰ ਲਈ ਗਈ ਹੈ। ਕਮਿਊਨਿਟੀ ਹੈਲਥ ਸੈਂਟਰ ਦੇ ਨਿਰਮਾਣ ਲਈ ਵਰਕਿੰਗ ਡਰਾਇੰਗਜ਼ 5 ਸਤੰਬਰ 2026 ਤੱਕ ਜਾਰੀ ਹੋਣ ਦੀ ਸੰਭਾਵਨਾ ਹੈ। ਇਸ ਕੰਮ ਦਾ ਟੈਂਡਰ 30 ਅਕਤੂਬਰ 2026 ਤੱਕ ਮੰਗਿਆ ਜਾਵੇਗਾ। ਉਨ੍ਹਾਂ ਨਿਰਮਾਣ ਕਾਰਜ ਵਿੱਚ ਦੇਰੀ ਦਾ ਜਵਾਬ ਦਿੰਦਿਆਂ ਦੱਸਿਆ ਕਿ ਅੱਗ ਸੁਰੱਖਿਆ ਮਾਪਦੰਡਾਂ ਅਤੇ ਬਾਇਓ-ਮੈਡੀਕਲ ਕੂੜਾ ਪ੍ਰਬੰਧਨ ਨਿਯਮਾਂ ਦੇ ਮੱਦੇਨਜ਼ਰ ਡਰਾਇੰਗਾਂ ਵਿੱਚ ਸੋਧ ਕੀਤੀ ਗਈ ਹੈ, ਜਿਸ ਕਾਰਨ ਨਿਰਮਾਣ ਕਾਰਜ ਸ਼ੁਰੂ ਹੋਣ ਵਿੱਚ ਦੇਰੀ ਹੋਈ ਹੈ। ਉਨ੍ਹਾਂ ਦੱਸਿਆ ਕਿ ਹੁਣ ਅਗਲੇ ਤਿੰਨ ਮਹੀਨਿਆਂ ਵਿੱਚ ਉਕਤ ਸੰਸਥਾ ਦੀ ਇਮਾਰਤ ਦਾ ਨਿਰਮਾਣ ਕਾਰਜ ਸ਼ੁਰੂ ਹੋਣ ਅਤੇ ਦਸੰਬਰ 2028 ਵਿੱਚ ਕੰਮ ਪੂਰਾ ਕਰਨ ਦਾ ਯਤਨ ਕੀਤਾ ਜਾਵੇਗਾ।

## ਰਾਜ ਦੇ ਤੇਜ਼ ਆਰਥਿਕ, ਸਮਾਜਿਕ ਅਤੇ ਉਦਯੋਗਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਲੈਂਡ ਰੈਵੇਨਿਊ ਐਕਟ, 1887 ਦੀ ਧਾਰਾ 5ਲਾਗੂ : ਵਿਪੁਲ ਗੋਇਲ

**ਚੰਡੀਗੜ੍ਹ, 2 ਸਤੰਬਰ**
**-ਮਨੋਜ ਵਰਮਾ-**



ਹਰਿਆਣਾ ਦੇ ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਦੱਸਿਆ ਕਿ ਰਾਜ ਦੇ ਤੇਜ਼ ਆਰਥਿਕ, ਸਮਾਜਿਕ ਅਤੇ ਉਦਯੋਗਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਲੈਂਡ ਰੈਵੇਨਿਊ ਐਕਟ, 1887 ਦੀ ਧਾਰਾ 5 (ਜੋ ਹਰਿਆਣਾ ਰਾਜ 'ਤੇ ਲਾਗੂ ਹੈ) ਵਿੱਚ ਦਰਜ ਉਪਬੰਧਾਂ ਦੇ ਅਨੁਸਾਰ ਉਸ ਖੇਤਰ ਦਾ, ਪ੍ਰਸ਼ਾਸਕੀ ਕੁਸ਼ਲਤਾ ਅਤੇ ਨਿਵਾਸੀਆਂ ਵੱਲੋਂ ਜਨਤਕ ਸੇਵਾਵਾਂ ਤੱਕ ਪਹੁੰਚ ਦੀ ਸਹੂਲਤ ਲਈ ਨਵੀਆਂ ਪ੍ਰਸ਼ਾਸਕੀ ਇਕਾਈਆਂ ਜਿਵੇਂ ਕਿ ਜ਼ਿਲ੍ਹੇ, ਉਪ-ਮੰਡਲ, ਤਹਿਸੀਲਾਂ ਅਤੇ ਉਪ-ਤਹਿਸੀਲਾਂ ਸਮੇਂ-ਸਮੇਂ 'ਤੇ ਗਠਿਤ ਕੀਤੀਆਂ ਜਾਂਦੀਆਂ ਹਨ।ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਆਦਮਪੁਰ ਦੇ ਵਿਧਾਇਕ ਸ੍ਰੀ ਚੰਦਰ ਪ੍ਰਕਾਸ਼ ਦੁਆਰਾ ਪੁੱਛੇ ਗਏ ਪ੍ਰਸ਼ਨ ਦੇ ਉੱਤਰ ਵਿੱਚ ਇਹ ਜਾਣਕਾਰੀ ਦਿੱਤੀ। ਸ੍ਰੀ ਵਿਪੁਲ ਗੋਇਲ ਨੇ ਸਦਨ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਕਿ ਜਨਗਣਨਾ 2027 ਦਾ ਕੰਮ ਸ਼ੁਰੂ ਹੋਣ ਕਾਰਨ, ਗ੍ਰਹਿ ਮੰਤਰਾਲੇ ਦੇ ਪੱਤਰ ਦੁਆਰਾ ਰਾਜ ਸਰਕਾਰ ਨੂੰ 01.01.2026 ਤੋਂ ਜਨਗਣਨਾ ਦੇ ਕੰਮ ਨੂੰ ਅੰਤਮ ਰੂਪ ਦਿੱਤੇ ਜਾਣ ਤੱਕ ਪ੍ਰਸ਼ਾਸਕੀ ਸੀਮਾਵਾਂ ਵਿੱਚ ਬਦਲਾਅ ਨਾ ਕਰਨ ਬਾਰੇ ਬੇਨਤੀ ਕੀਤੀ ਗਈ ਹੈ। ਤਦਾਨੁਸਾਰ 01 ਜਨਵਰੀ, 2026 ਤੋਂ ਜਨਗਣਨਾ ਦੇ ਕੰਮ ਨੂੰ ਅੰਤਿਮ ਰੂਪ ਦਿੱਤੇ ਜਾਣ ਤੱਕ ਸਾਰੇ ਜ਼ਿਲ੍ਹਿਆਂ, ਉਪ-ਮੰਡਲਾਂ, ਤਹਿਸੀਲਾਂ ਅਤੇ ਮਾਲ ਇਕਾਈਆਂ ਆਦਿ ਦੀਆਂ ਪ੍ਰਸ਼ਾਸਕੀ ਸੀਮਾਵਾਂ ਵਿੱਚ ਕਿਸੇ ਵੀ ਤਰ੍ਹਾ ਦਾ ਬਦਲਾਅ ਨਾ ਕਰਨ ਬਾਰੇ 04.08.2025 ਨੂੰ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੁਆਰਾ ਨੋਟੀਫਿਕੇਸ਼ਨ ਜਾਰੀ ਕੀਤੀ ਗਈ ਹੈ।

## SIR ਦਾ ਮਕਸਦ ਭਾਜਪਾ ਨੂੰ ਚੋਣਾਂ ਜਿਤਾਉਣ ਵਿੱਚ ਮਦਦ ਕਰਨਾ ਹੈ: ਸਿੱਬਲ

**ਨਵੀਂ ਦਿੱਲੀ, 2 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜ ਸਭਾ ਮੈਂਬਰ ਕਪਿਲ ਸਿੱਬਲ ਨੇ ਬੁੱਧਵਾਰ ਨੂੰ ਦੋਸ਼ ਲਾਇਆ ਕਿ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਐਸ.ਆਈ.ਆਰ. ਇੱਕ ਅਜਿਹੀ ਕਵਾਇਦ ਹੈ ਜਿਸ ਦਾ ਮਕਸਦ ਭਾਜਪਾ ਨੂੰ ਚੋਣਾਂ ਜਿਤਾਉਣ ਵਿੱਚ ਮਦਦ ਕਰਨਾ ਹੈ ਅਤੇ ਉਨ੍ਹਾਂ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਕਿ ਉਹ ਇਸ ਤਹਿਤ ਹੋ ਰਹੀਆਂ 'ਵੱਡੇ ਪੱਧਰ 'ਤੇ ਨਾਂ ਕੱਟਣ ਦੀਆਂ ਕਾਰਵਾਈਆਂ' ਨੂੰ ਰੋਕੇ।

ਸਾਬਕਾ ਕੇਂਦਰੀ ਮੰਤਰੀ ਨੇ ਇਹ ਵੀ ਦੋਸ਼ ਲਾਇਆ ਕਿ ਵੱਖ-ਵੱਖ ਰਾਜਾਂ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ SIR ਦਾ ਮਕਸਦ ਭਾਜਪਾ ਨੂੰ ਚੋਣਾਂ ਜਿਤਾਉਣ ਵਿੱਚ ਮਦਦ ਕਰਨਾ ਹੈ। ਸਿੱਬਲ ਦੀਆਂ ਇਹ ਟਿੱਪਣੀਆਂ 'ਦਿ ਇੰਡੀਅਨ ਐਕਸਪ੍ਰੈਸ' ਦੀ ਇੱਕ ਰਿਪੋਰਟ 'ਤੇ ਆਈਆਂ ਹਨ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਝਾਰਖੰਡ ਦੇ ਗੋਡਾ ਜ਼ਿਲ੍ਹੇ ਵਿੱਚ, ਭਾਜਪਾ ਦੇ ਏਜੰਟ ਬੂਥ ਲਵਲ ਅਫ਼ਸਰਾਂ (BLO), ਜੋ ਕਿ ਜੇ.ਐੱਮ.ਐੱਮ.-ਕਾਂਗਰਸ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਮੁਲਾਜ਼ਮ ਹਨ, ਨਾਲ ਮਿਲ ਕੇ ਜ਼ਿਆਦਾ ਤਰ ਘੱਟ ਗਿਣਤੀ ਭਾਈਚਾਰੇ ਦੇ ਵੋਟਰਾਂ ਦੇ ਨਾਂ ਕਟਵਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਜਿਸ 'ਤੇ ਬੂਥ ਅਫ਼ਸਰਾਂ ਨੇ ਇਤਰਾਜ਼ ਵੀ ਜਤਾਏ ਹਨ।

'ਐਕਸ' 'ਤੇ ਇੱਕ ਪੋਸਟ ਵਿੱਚ ਸਿੱਬਲ ਨੇ ਕਿਹਾ, ਬਾਹਰ ਰੱਖਣ ਦੀ ਰਾਜਨੀਤੀ। ਭਾਜਪਾ ਏਜੰਟ: ਮੁਸਲਮਾਨਾਂ ਨੂੰ ਨਿਸ਼ਾਨਾ ਬਣਾਓ, ਵੱਡੇ ਪੱਧਰ 'ਤੇ ਨਾਂ ਕਟਵਾਓ। ਸੁਪਰੀਮ ਕੋਰਟ ਨੂੰ ਇਸ ਨੂੰ ਰੋਕਣ ਦੀ ਲੋੜ ਹੈ!

## ਬ੍ਰਹਮ ਸਰੋਵਰ ਸਮੇਤ ਕੁਰੂਕਸ਼ੇਤਰ ਦੇ ਸਰਵਪੱਖੀ ਸ਼ੁੰਦਰੀਕਰਨ ਲਈ ਸਰਕਾਰ ਨੇ ਉਲੀਕੀ ਵਿਆਪਕ ਯੋਜਨਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 2 ਸਤੰਬਰ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕੌਮਾਂਤਰੀ ਪੱਧਰ 'ਤੇ ਪਛਾਣ ਰੱਖਣ ਵਾਲੇ ਧਾਰਮਿਕ ਸਥਾਨ ਕੁਰੂਕਸ਼ੇਤਰ ਵਿੱਚ ਬ੍ਰਹਮ ਸਰੋਵਰ ਸਮੇਤ ਸ਼ਹਿਰ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਸ਼ੁੰਦਰੀਕਰਨ ਅਤੇ ਸ਼ਰਧਾਲੂਆਂ ਲਈ ਸਹੂਲਤਾਂ ਦੇ ਵਿਸਤਾਰ ਦੀ ਵਿਆਪਕ ਯੋਜਨਾ ਸੂਬਾ ਸਰਕਾਰ ਨੇ ਤਿਆਰ ਕੀਤੀ ਹੈ। ਯੋਜਨਾ ਤਹਿਤ ਵੱਖ-ਵੱਖ ਵਿਕਾਸ ਅਤੇ ਸ਼ੁੰਦਰੀਕਰਨ ਕਾਰਜਾਂ ਨੂੰ ਪੜਾਅਵਾਰ ਤਰੀਕੇ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਕਈ ਕੰਮਾਂ ਦੇ ਟੈਂਡਰ ਲਗਾਏ ਜਾ ਰਹੇ ਹਨ, ਜਦੋਂ ਕਿ ਰੈਸਟ ਹਾਊਸ ਸਮੇਤ ਹੋਰ ਕੰਮ ਟੈਂਡਰ ਪ੍ਰਕਿਰਿਆ ਵਿੱਚ ਹਨ। ਮੁੱਖ ਮੰਤਰੀ ਹਰਿਆਣਾ ਵਿਧਾਨ ਸਭਾ ਦੇ ਪ੍ਰਸ਼ਨ ਕਾਲ ਦੌਰਾਨ ਵਿਧਾਇਕ ਸ੍ਰੀ ਅਸ਼ੋਕ ਅਰੋੜਾ ਦੁਆਰਾ ਬ੍ਰਹਮ ਸਰੋਵਰ, ਕੁਰੂਕਸ਼ੇਤਰ ਦੇ ਸੰਬੰਧ ਵਿੱਚ ਪੁੱਛੇ ਗਏ ਪ੍ਰਸ਼ਨ ਦਾ ਉੱਤਰ ਦੇ ਰਹੇ ਸਨ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਧਾਇਕ ਸ੍ਰੀ ਅਸ਼ੋਕ ਅਰੋੜਾ ਨੇ ਬ੍ਰਹਮ ਸਰੋਵਰ ਨੂੰ ਲੈ ਕੇ ਆਪਣੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਪਹਿਲਾਂ ਵੀ ਇਸ ਵਿਸ਼ੇ ਨੂੰ ਉਠਾਇਆ ਸੀ। ਸੰਬੰਧਿਤ ਮੰਤਰੀ ਵੱਲੋਂ ਇਸ ਸੰਬੰਧ ਵਿੱਚ ਸਦਨ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਬ੍ਰਹਮ ਸਰੋਵਰ ਅਤੇ ਆਸਪਾਸ ਦੇ ਖੇਤਰ ਦੇ ਸ਼ੁੰਦਰੀਕਰਨ ਦੀ ਪੂਰੀ ਯੋਜਨਾ ਬਣਾਈ ਹੈ। ਰੈਸਟ ਹਾਊਸ ਸਮੇਤ ਵੱਖ-ਵੱਖ ਕੰਮ ਟੈਂਡਰ ਪ੍ਰਕਿਰਿਆ ਵਿੱਚ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਯੋਜਨਾਬੱਧ ਢੰਗ ਨਾਲ ਇਨ੍ਹਾਂ ਕੰਮਾਂ ਨੂੰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਕੁਰੂਕਸ਼ੇਤਰ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਸੀ, ਜਿਸ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੀ ਸ਼ਾਮਲ ਹੋਏ ਸਨ। ਕੁਰੂਕਸ਼ੇਤਰ ਦੇ ਧਾਰਮਿਕ ਅਤੇ ਇਤਿਹਾਸਕ ਮਹੱਤਵ ਨੂੰ ਦੇਖਦੇ ਹੋਏ ਸਰਕਾਰ ਨੇ ਇਸ ਦੇ ਸਰਵਪੱਖੀ ਵਿਕਾਸ ਅਤੇ ਸ਼ੁੰਦਰੀਕਰਨ ਲਈ ਪੂਰੀ ਕਾਰਜਯੋਜਨਾ ਤਿਆਰ ਕੀਤੀ ਹੈ ਅਤੇ ਉਸੇ ਦੇ ਅਨੁਰੂਪ ਕਾਰਜ ਅੱਗੇ ਵਧਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਕੁਰੂਕਸ਼ੇਤਰ ਦੇ ਰੇਲਵੇ ਐਲੀਵੇਟਡ ਟਰੈਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਹਾਲ ਹੀ ਵਿੱਚ ਇਸ ਦਾ ਉਦਘਾਟਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸ੍ਰੀ ਮਨੋਹਰ ਲਾਲ ਮੁੱਖ ਮੰਤਰੀ ਸਨ ਅਤੇ ਉਹ ਖੁਦ ਸੰਸਦ ਮੈਂਬਰ ਸਨ, ਉਸ ਸਮੇਂ ਇਸ ਪ੍ਰੋਜੈਕਟ ਨੂੰ ਲੈ ਕੇ ਗੱਲ ਰੱਖੀ ਗਈ ਸੀ। ਅੱਜ ਰੇਲਵੇ ਐਲੀਵੇਟਡ ਟਰੈਕ ਬਣ ਕੇ ਤਿਆਰ ਹੋ ਚੁੱਕਾ ਹੈ। ਇਸ ਪ੍ਰੋਜੈਕਟ ਨਾਲ ਸ਼ਹਿਰ ਨੂੰ ਰੇਲਵੇ ਫਾਟਕਾਂ ਦੀ ਸਮੱਸਿਆ ਤੋਂ ਮੁਕਤੀ ਮਿਲੀ ਹੈ ਅਤੇ ਸ਼ਹਿਰ ਦੀ ਕਨੈਕਟੀਵਿਟੀ ਵੀ ਬਿਹਤਰ ਹੋਈ ਹੈ। ਉਨ੍ਹਾਂ ਕਿਹਾ ਕਿ ਇੰਨੇ ਵੱਡੇ ਰੇਲਵੇ ਐਲੀਵੇਟਡ ਟਰੈਕ ਦਾ ਤੇਜ਼ੀ ਨਾਲ ਨਿਰਮਾਣ ਸ਼ਲਾਘਾਯੋਗ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਕੁਰੂਕਸ਼ੇਤਰ ਦੀ ਧਾਰਮਿਕ ਅਤੇ ਇਤਿਹਾਸਕ ਗਰਿਮਾ ਦੇ ਅਨੁਰੂਪ ਇਸ ਦੇ ਵਿਕਾਸ, ਸ਼ੁੰਦਰੀਕਰਨ ਅਤੇ ਸ਼ਰਧਾਲੂਆਂ ਲਈ ਸਹੂਲਤਾਂ ਦੇ ਵਿਸਤਾਰ ਲਈ ਨਿਰੰਤਰ ਕਾਰਜ ਕਰ ਰਹੀ ਹੈ।





